ALL STAR DRIVING SCHOOL
$10.00 ਪੰਜਾਬੀ ਗਾਈਡ ਇਥੇ ਮਿਲਦੀ ਹੈ
ਬੀਬੀਆਂ ਅਤੇ ਭੈਣਾਂ ਲਈ ਲੇਡੀ ਇੰਸਟਰਕਟਰ
KNOWLEDGE & DRIVING TESTS DONE HERE
24620 MILITARY RD S, KENT, WA 98032
Ph: 253-852-1996
WA STATE APPROVED SINCE 2004 www.allstardrivingschool.info

KALER TAX AND ACCOUNT LLC
Harjinder S. Kaler 206.551.6666
Personal And Business Tax Filling, 1099, W2 Immigration, Passport, Visa And Petition, Business Start, Obama Health Care Broker And All Other Applications Services
10618 SE 240 ST, SUITE 204, KENT, WA 98031 kalertax@gmail.com

ACCURATE ACCOUNTS AND TAXES
Contact For Business Accounting
Payroll
Tax Filling
Book Keeping
Other Paper Work
Immigration Consultancy
New Business Setup
Services
MOHINDER S. SOHAL
Cell: 206-841-1431
Buss: 253-520-8886
Email:mssohal@yahoo.com

ਕਨੇਡਾ ਅਤੇ ਅਮਰੀਕਾ ਵਿਚ ਸਭ ਤੋਂ ਵੱਧ ਪੜ੍ਹਿਆ ਜਾਣ ਵਾਲਾ ਹਰਮਨ ਪਿਆਰਾ ਪੰਜਾਬੀ ਹਫਤਾਵਾਰੀ ਅਖ਼ਬਾਰ

# ਪੰਜਾਬ ਗਾਰਡੀਅਨ
# PUNJAB GUARDIAN

ਆਓ ਪੰਜਾਬੀ ਮਾਂ ਬੋਲੀ ਦਾ ਮਾਣ ਵਧਾਈਏ

B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish
ALBERTA Edmonton Calgary
USA Greater Seattle, Everett, Marysville Portland, Bellingham, Belivue, Lyndon, Lynwood
sales@punjabguardian.com
www.punjabguardian.com
Tel: 604-590-5200 Fax:604-596-5700 Toll Free: 1-877-584-5200 Vol. 33, Issue No. 03, Ending Date:Jan 16, 2026

LOAN FACTORY NMLS#320841
COMMERCIAL AND RESIDENTIAL LOANS
30Yr Fixed/Arm
SBA Loans
Bank Statement
Profit and Loss only
Construction Loans
Line of Credit
Jasdeep Singh
Loan Officer | NMLS 1900093
Cell: 253-223-3717
19201 108th AVE 201 Renton WA 98055

# ਬ੍ਰਿਟਿਸ਼ ਕੋਲੰਬੀਆ ਦੀ ਐਨ.ਡੀ.ਪੀ ਸਰਕਾਰ ਵਿਰੁੱਧ ਸਿੱਖਾਂ ਵਿੱਚ ਭਾਰੀ ਰੋਸ

## ਬ੍ਰਿਟਿਸ਼ ਕੋਲੰਬੀਆ ਵਿੱਚ ਇੱਕ ਕੈਨੇਡੀਅਨ ਨਾਗਰਿਕ ਦੀ ਹੱਤਿਆ ਦੇ ਮੱਦੇਨਜ਼ਰ ਪ੍ਰੀਮੀਅਰ ਡੇਵਿਡ ਐਬੀ ਦੀ ਭਾਰਤ ਯਾਤਰਾ ਰੱਦ ਕਰਨ ਦੀ ਮੰਗ

ਸਰੀ:ਬ੍ਰਿਟਿਸ਼ ਕੋਲੰਬੀਆ ਦੀ ਐਨ.ਡੀ.ਪੀ ਸਰਕਾਰ ਵਿਰੁੱਧ ਸਿੱਖਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਗੁਰੂ ਨਾਨਕ ਸਿੱਖ ਗੁਰਦੁਆਰੇ ਦੀ ਪ੍ਰਬੰਧਕ ਕਮੇਟੀ ਅਤੇ ਹੋਰ ਸਿੱਖ ਸੁਸਾਇਟੀਆਂ ਅਤੇ ਸਿੱਖ ਭਾਈਚਾਰੇ ਨੇ ਪ੍ਰੀਮੀਅਰ ਡੇਵਿਡ ਐਬੀ ਦੀ ਭਾਰਤ ਯਾਤਰਾ ਦੀ ਸਖ਼ਤ ਨਿੰਦਾ ਕੀਤੀ ਹੈ।ਇਸ ਵਪਾਰਕ ਮਿਸ਼ਨ ਦਾ ਐਨਡੀਪੀ ਨੂੰ ਰਾਜਨੀਤਿਕ ਜੋਖਮ ਦੇ ਨਾਲ ਅਗਲੀਆਂ ਚੋਣਾਂ ਵਿੱਚ ਨੁਕਸਾਨ ਹੋ ਸਕਦਾ ਹੈ।ਐਨਡੀਪੀ ਸਰਕਾਰ ਦਾ ਭਾਰਤ ਜਾਣਾ ਸਿੱਖਾਂ, ਮਨੁੱਖੀ ਅਧਿਕਾਰਾਂ ਅਤੇ ਕਾਨੂੰਨ ਦੇ ਰਾਜ ਵਿੱਚ ਵਿਸ਼ਵਾਸ ਰੱਖਣ ਵਾਲੇ ਸਾਰੇ ਕੈਨੇਡੀਅਨਾਂ ਲਈ ਇੱਕ ਬਹੁਤ ਹੀ ਦੁਖਦਾਈ ਅਤੇ ਅਸਵੀਕਾਰਨ ਯੋਗ ਹੈ।

ਕੈਨੇਡੀਅਨ ਨਾਗਰਿਕ ਅਤੇ ਬ੍ਰਿਟਿਸ਼ ਕੋਲੰਬੀਆ ਨਿਵਾਸੀ, ਭਾਈ ਹਰਦੀਪ ਸਿੰਘ ਨਿੱਝਰ ਦੀ 18 ਜੂਨ, 2023 ਵਾਲੇ ਦਿਨ ਸਰੀ ਦੇ ਇੱਕ ਧਾਰਮਿਕ ਸਥਾਨ ‘ਤੇ ਦਿਨ-ਦਿਹਾੜੇ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ ਸੀ।ਇਹ ਇੱਕ ਨਿਸ਼ਾਨਾ ਬਣਾ ਕੇ ਕੀਤੀ ਗਈ




ਹੱਤਿਆ ਸੀ ਅਤੇ ਨਾਲ ਹੀ ਸਿੱਖਾਂ ਦੇ ਇੱਕ ਪਵਿੱਤਰ ਸਥਾਨ ਅਤੇ ਉਹਨਾਂ ਦੀਆਂ ਬੁਨਿਆਦੀ ਕਦਰਾਂ-ਕੀਮਤਾਂ ‘ਤੇ ਹਮਲਾ ਸੀ ਜਿਨ੍ਹਾਂ ਨੂੰ ਕੈਨੇਡਾ ਬਰਕਰਾਰ ਰੱਖਣ ਦਾ ਦਾਅਵਾ ਕਰਦਾ ਹੈ।ਕੈਨੇਡਾ ਸਰਕਾਰ ਨੇ ਜਨਤਕ ਤੌਰ ‘ਤੇ ਭਾਰਤ ਸਰਕਾਰ ਦੇ ਏਜੰਟਾਂ ਨੂੰ ਇਸ ਹੱਤਿਆ ਨਾਲ ਜੋੜਨ ਵਾਲੇ ਭਰੋਸੇਯੋਗ ਦੋਸ਼ਾਂ ਨੂੰ ਸਵੀਕਾਰ ਕੀਤਾ ਹੈ। ਇਸ ਸੰਦਰਭ ਵਿੱਚ, ਇਹ ਸਿੱਖ ਭਾਈਚਾਰੇ ਲਈ ਬਹੁਤ ਪਰੇਸ਼ਾਨ ਕਰਨ ਵਾਲਾ ਅਤੇ ਡੂੰਘਾ ਦੁਖਦਾਈ ਹੈ ਕਿ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਕੈਨੇਡੀਅਨ ਧਰਤੀ ‘ਤੇ ਬੀ.ਸੀ. ਨਿਵਾਸੀ ਦੇ ਕਤਲ ਦੇ ਸੰਬੰਧ ਵਿੱਚ ਜਵਾਬਦੇਹੀ, ਨਿਆਂ ਜਾਂ ਪਾਰਦਰਸ਼ਤਾ ਤੋਂ ਬਿਨਾਂ ਭਾਰਤ ਦੇ ਦੌਰੇ ‘ਤੇ ਜਾ ਰਹੇ ਹਨ।

ਇਸ ਤੋਂ ਇਲਾਵਾ, ਅਕਤੂਬਰ 2024 ਵਿੱਚ ਆਰਸੀਐਮਪੀ ਨੇ ਭਾਰਤ ਸਰਕਾਰ ਉਤੇ ਲਾਰੈਂਸ ਬਿਸ਼ਨੋਈ ਗੈਂਗ ਨਾਲ ਮਿਲ ਕੇ ਕੈਨੇਡਾ ਵਿੱਚ ਸਿੱਖਾਂ ਨੂੰ ਨਿਸ਼ਾਨਾ ਬਣਾ ਕੇ ਕਤਲ ਕਰਨ ਦਾ ਦੋਸ਼ ਲਗਾਇਆ।ਬਿਸ਼ਨੋਈ ਗੈਂਗ ਬੀ.ਸੀ. ਵਿੱਚ ਸਿੱਖ ਅਤੇ ਪੰਜਾਬੀ ਕਾਰੋਬਾਰੀ ਮਾਲਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਡਰਾਉਣਾ ਜਾਰੀ ਰੱਖਦਾ ਹੈ।ਪ੍ਰੀਮੀਅਰ ਡੇਵਿਡ ਐਬੀ ਨੂੰ ਸਿੱਖ ਭਾਈਚਾਰੇ ਪ੍ਰਤੀ ਆਪਣੀ ਬੁਨਿਆਦੀ ਜ਼ਿੰਮੇਵਾਰੀ ਤੋਂ ਭੱਜਣਾ ਨਹੀਂ ਚਾਹੀਦਾ। ਬੀ ਸੀ ਸਰਕਾਰ ‘ਤੇ ਦੋਸ਼ ਲੱਗ ਰਿਹਾ ਹੈ ਕਿ ਜਨਤਕ ਸੁਰੱਖਿਆ ਨਾਲੋਂ ਵਪਾਰ ਨੂੰ ਤਰਜੀਹ ਦੇ ਕੇ ਸਿੱਖ ਜਾਨਾਂ ਨੂੰ ਜੋਖਮ ਵਿੱਚ ਪਾ ਦਿੱਤਾ ਹੈ।ਜਿਸ ਤਰੀਕੇ ਨਾਲ ਇਸ ਯਾਤਰਾ ਦਾ ਐਲਾਨ ਕੀਤਾ ਗਿਆ ਹੈ, ਉਹ ਸਿੱਖ ਭਾਈਚਾਰੇ, ਬ੍ਰਿਟਿਸ਼ ਕੋਲੰਬੀਆ ਵਾਸੀਆਂ ਅਤੇ ਵੱਡੇ ਪੱਧਰ ‘ਤੇ ਕੈਨੇਡੀਅਨਾਂ ਨੂੰ ਇੱਕ ਚਿੰਤਾਜਨਕ ਸੰਦੇਸ਼ ਦਿੰਦਾ ਹੈ।

ਇਹ ਕੈਨੇਡੀਅਨ ਧਰਤੀ ‘ਤੇ ਕੀਤੇ ਗਏ ਇੱਕ

(ਬਾਕੀ ਸਫਾ ਏ-06 ਤੇ)

Real Estate in Seattle Area
ਸਿਆਟਲ ਏਰੀਏ 'ਚ ਘਰ ਅਤੇ ਬਿਜ਼ਨਸ ਲੈਣ ਲਈ ਅੱਜ ਹੀ ਸੰਪਰਕ ਕਰੋ
Residential & Commercial
• Multifamily Units & Apartments
• Notary Service
For Honest, Friendly & Best Service, Call
Sarbjit Singh Saab
Realtor (MLS, CBA)
Ph: 206.255.0101
ਅਸੀਂ ਵਧੀਆ Interest Rate ਅਤੇ ਘੱਟ ਤੋਂ ਘੱਟ Closing Cost ਦੀ ਗਾਰੰਟੀ ਦਿੰਦੇ ਹਾਂ।

BARRETT FINANCIAL GROUP
ਤੁਸੀਂ ਘਰ ਖਰੀਦ, ਵੇਚ, ਰੀਫਾਇਨੈਂਸ ਜਾਂ ਆਪਣੇ ਸੁਪਨਿਆਂ ਦਾ ਨਵਾਂ ਘਰ ਬਣਾ ਰਹੇ ਹੋ ਤਾਂ ਅਸੀਂ ਲੋਨ ਜਾਂ ਮੌਰਗੇਜ ਲੈਣ ਲਈ ਭਰੋਸੇਯੋਗ ਸੇਵਾਵਾਂ ਦਿੰਦੇ ਹਾਂ
BARRETT FINANCIAL GROUP NMLS #18110
Cell:206-391-2630
Email:hgrover@barrettfinancial.com
Web:www.barrettfinancial.com/hgrover
2701 East Insight Way, Suite 150, Chandler, AZ 85286
Harmandeep Grover Mortgage Loan Originator

ਸਿਆਟਲ ਨਿਵਾਸੀਆਂ ਦਾ ਜਾਣਿਆ ਪਹਿਚਾਣਿਆ ਤੇ ਭਰੋਸੇਮੰਦ
USA TRAVEL
24 Hr Emergency Call 206-992-2724
23609 104th Ave SE #103, Kent
Ph: 253-867-0450, 253-867-0451
1729 208th St Suite #202, Bothell
Ph: 425-420-1888, 425-420-1889

Over 30 Years of Industry Experience
MULTANI LAW GROUP
ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ
Jashan Multani 206-243-4219
Gerald F. Robison Senior Attorney
Jashan Multani Associate Partner
Services we provide: -Immigration/Political Asylum -U-Visa, Vawa -SIJ Guardianship Cases -Personal Injury/Car Accidents -Evictions
Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031

ਸਿਆਟਲ ਵਿਚ ਲਿਨਵੁਡ, ਐਵਰਟ, ਕੈਂਟ, ਮੈਰੀਸਵੈਲ, ਬੈਲੇਵਿਊ, ਰੈਡਮੰਡ, ਰੈਂਟਨ, ਪਿਆਲਪ ਦੇ ਇਲਾਕੇ ਵਿੱਚ ਰੀਅਲ ਅਸਟੇਟ ਦੀਆਂ ਸੇਵਾਵਾਂ ਪ੍ਰਦਾਨ ਕਰਦੇ ਹਾਂ।
JASMEEN KAUR
C: 425-299-2284
Bus: 425-602-4150
jasmeenkaur@cbbain.com
COLDWELL BANKER BAIN
8525 -120TH Ave. NE, #100,Kirkland, WA 98033

John L. Scott Real Estate
Kamaljit Singh Real Estate Broker
* Residential * Commercial
* Bank Owned / Foreclosed
* Short Sale / Pre-Foreclosure
206-802-5699
ਕਿਸੇ ਵੀ ਤਰ੍ਹਾਂ ਦੀ ਰੈਜ਼ੀਡੈਂਸ਼ੀਅਲ/ਕਮਰਸ਼ੀਅਲ ਪ੍ਰਾਪਰਟੀ ਖਰੀਦਣ ਅਤੇ ਵੇਚਣ ਲਈ ਫੋਨ ਕਰੋ
Email:ksingh@johnlscott.com www.ksingh.johnlscott.com
Kent North Office:20829-72nd Ave S, Ste800 Kent, WA 98032

ਖੁਸ਼ਖਬਰੀ! ਖੁਸ਼ਖਬਰੀ! ਖੁਸ਼ਖਬਰੀ!
ਅੱਜ ਹੀ ਇਕ ਵਾਰ ਫੋਨ ਕਰੋ ਤੇ ਸਾਰੀ ਜਾਣਕਾਰੀ ਲਓ
ਤੁਹਾਡਾ ਘਰ ਲੈਣ ਦਾ ਜਾਂ ਬਿਜਨੈੱਸ ਲੈਣ ਦਾ ਸੁਪਨਾ ਅਸੀਂ ਪੂਰਾ ਕਰਾਂਗੇ
ਘਰ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ :
Berkshire Hathaway HOME SERVICES
Cell:206-446-9366
Office:253-854-9400
Northwest Real Estate
25230 104th Ave. S.E. Kent, WA 98030
eFax : 253-480-3448
Gagan@BHHSNWRE.com
GaganDeep.BGGSNWRE.com
ਗਗਨ ਚੌਹਾਨ

REAL ESTATE
ਕਿਸੇ ਵੀ ਤਰਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ।
For Residential/Commercial
• Short Sale • Foreclosed • Bank owned • Hotels/Motels • Gas Stations • Vacant Lands
Sakater Singh Sandhu
MCNE, CBA, MLS
Master Certified Negotiation Expert
Cell: 206-766-0551
KELLER WILLIAMS REALTY
Email: sakatersingh@yahoo.com

WEST CAPITAL LENDING
YOUR PREFFERRED LOCAL LENDER
• ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
• ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
• ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜ਼ਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ
KESHAV SHARMA

FOREVER ROOFING
Licensed,Bonded & Insured
(FOREVRH874MJ)
PAWANDEEP JOSAN
Marketing Manager
Free Estimate
2062613683
Check us on
Forever Roofing
Web:Foreverroofing.net
Email:info@foreverroofing.net

HUMBLE SANDHU SERVICES
"We help you help yourself"
*Immigration *Tax *Notary
Services We Provide
•Business & Personal Tax
•Indian Visa & OCI Applications
•Health Plans
Kent:253-338-9487
Puyallup:253-407-4723
Bellingham:360-440-5606
Email: myhumble@yahoo.com
25748-101st Ave, SE Kent WA 98030

LIFE INSURANCE | RETIREMENT PLANNING
Ø Life Insurance
Ø 529 College Saving Plan*
Ø IRA/401K Planning*
Ø Mortgage Protection
Ø Business Planning
Ø Estate Conservation
Ø Disability Insurance
Harpreet Parmar
Financial Services Professional
New York Life Insurance Company
15238 SE 272nd St Kent, WA 98042
Cell: 253-880-9968
www.harpreetparmar.com hparmar@ft.newyorklife.com

BALBIR SINGH NIJJAR
Senior Loan Originator
ਮੌਰਗੇਜ ਦੇ ਵਧੀਆ ਰੇਟ ਅਤੇ ਇਮਾਨਦਾਰ ਸਰਵਿਸ
RESIDENTIAL or COMMERCIAL LOANS
206-650-3700
13401-NE Bel Red Road, Suite B4, Bellevue, WA 98005
Bsingh@wisemfg.com www.wizemtg.com

Real Estate Expert
Harjinder Singh
ਸਿਆਟਲ ਏਰੀਏ ਵਿੱਚ ਘਰ ਖਰੀਦਣ ਤੇ ਵੇਚਣ ਲਈ ਕਾਲ ਕਰੋ
(206) 643-7853
Residencial & Commercial
Harjinder@TheLionEstates.com
www.TheLionEstates.com
Kent, Renton, Auburn, Covington, Seattle, Everett, Lynnwood, Marysville, Bellevue, Redmond, Kirkland
CENTURY 21 Real Estate Center

# Reshmi's Group

ETHNIC FOOD DISTRIBUTOR

Haldiram's

## *Frozen Snacks*




**BUY NOW**

**For Wholesale Order at :**

1120 Andover Park E,Tukwila, WA 98188,T: (206) 575-0050,
E: sales@reshmisgroup.com.




DIAMONDS!

Diamond Necklace
Wedding Sets
and
Wedding Rings

50% off

Come see our collection

ਡਾਇਮੰਡਜ !

ਅਸੀਂ ਹਣ ਡਾਇਮੰਡ ਨੈਕੁਲੇਸ, ਵਿਆਹ ਦੇ ਸੈੱਟ
ਅਤੇ ਵਿਆਹ ਲਈ ਅੰਗੂਠੀਆਂ ਵੀ ਰੱਖਦੇ ਹਾਂ

50% off

ਆ ਕੇ ਕੁਲੈਕਸ਼ਨ ਦੇਖੋ

Season Special!

Visit our store for special pricing when buying
50 grams or more of 22k Gold Jewelry!

ਸੀਜਨ ਸਪੈਸ਼ਲ !

ਜਦੋਂ ਤੁਸੀਂ 50 ਗਰਾਮ ਜਾਂ ਇਸ ਤੋਂ ਜ਼ਿਆਦਾ 22 ਕੈਰੇਟ ਦੇ ਸੋਨੇ ਦੇ ਗਹਿਣੇ ਖਰੀਦਦੇ ਹੋ
ਤਾਂ ਸਪੈਸ਼ਲ ਕੀਮਤਾਂ ਲਈ ਸਾਡੇ ਸਟੋਰੇ ਤੇ ਆਉ।

CASH FOR GOLD

ਸੋਨੇ ਬਦਲੇ ਡਾਲਰ ਲਉ

ਸਾਡੀਆਂ ਕੀਮਤਾਂ ਬਹੁਤ ਘੱਟ ਹਨ

TAJ JEWELERS

UNIQUELY DESIGNED 22KT GOLD JEWELRY

WE SELL FOR LESS

ਤਾਜ਼ ਜਿਊਲਰਜ਼

TRADE YOUR OLD GOLD FOR NEW JEWELRY

ਆਪਣੇ ਪੁਰਾਣੇ ਗਹਿਣਿਆਂ ਬਦਲੇ ਨਵੇਂ ਫੈਸ਼ਨ ਦੇ ਗਹਿਣੇ ਲਉ

22 ਕੈਰੇਟ ਸੋਨੇ ਦੀ ਜਿਊਲਰੀ ਦੇ ਨਵੇਂ ਨਵੇਂ ਡਿਜ਼ਾਈਨ

Ph:253-981-3071

10120 SE 260th St. Suite 110, Kent, WA 98030

Open: 7 Days Tuesday to Sunday 11am to 7pm, Mon 11am to 6pm

ਅਸੀਂ ਹਫਤੇ ਦੇ ਸੱਤੇ ਦਿਨ ਖੁੱਲਦੇ ਹਾਂ

ਮੰਗਲਵਾਰ ਤੋਂ ਐਤਵਾਰ ਸਵੇਰ 11ਵਜੇ ਤੋਂ ਸ਼ਾਮ 7 ਵਜੇ ਤੱਕ, ਸੋਮਵਾਰ ਸਵੇਰ 11 ਤੋਂ ਸ਼ਾਮ 6 ਵਜੇ ਤੱਕ

# ਕਨੇਡਾ ਰਹਿੰਦੇ 10,53,000 ਭਾਰਤੀਆਂ ਦੇ ਵਰਕ ਪਰਮਿਟ ਹੋਏ ਖ਼ਤਮ

ਚੰਡੀਗੜ੍ਹ-ਕੈਨੇਡਾ ਅਤੇ ਅਮਰੀਕਾ ਸਰਕਾਰਾਂ ਵਲੋਂ ਪੁਰਾਣੇ ਸਾਥੀ ਦੇਸ਼ ਭਾਰਤ ਨਾਲ ਪਿਛਲੇ ਸਾਲ ਵਿਗੜੇ ਸਬੰਧਾਂ, ਵਿਸ਼ੇਸ਼ ਕਰ ਹਰਦੀਪ, ਨਿੱਜਰ ਦੇ ਕਤਲ ਅਤੇ ਰਾਸ਼ਟਰਪਤੀ ਟਰੰਪ ਵਲੋਂ ਲਗਾਏ? ਰਹਿਫ਼ ਪਾਬੰਦੀਆਂ ਸਦਕਾ ਕੈਨੇਡਾ ਪਹੁੰਚੇ ਲੱਖਾਂ ਵਿਦਿਆਰਥੀਆਂ ਦੇ ਸਟੱਡੀ ਵੀਜ਼ੇ ਤੇ ਵਰਕ ਪਰਮਿਟਾਂ ਦੇ ਖ਼ਤਮ ਹੋਣ, ਨਵੇਂ ਸਾਲ ਦੇ ਅੱਧ ਵਿਚ ਟੋਰਾਂਟੋ, ਬਰੈਂਪਟਨ ਤੇ ਵੈਨਕੂਵਰ ਵਿਚ ਸੰਕਟਮਈ ਹਾਲਾਤ ਬਣਨ ਦੇ ਆਸਾਰ ਵਧ ਗਏ ਹਨ। ਟੋਰਾਂਟੋ ਸਥਿਤ ਇਮੀਗਰੇਸ਼ਨ ਫ਼ਿਊਜੀ ਅਤੇ ਸਿਟੀਜ਼ਨਸ਼ਿਪ ਕੈਨੇਡਾ ਯਾਨੀ ਆਈ .ਆਰ .ਸੀ .ਸੀ . ਵਿਭਾਗ ਦੇ ਹਵਾਲੇ ਨਾਲ ਟੋਰਾਂਟੋ ਤੋਂ ਛਪੀ ਖ਼ਬਰ ਤੋਂ ਮਿਲੀ ਜਾਣਕਾਰੀ ਮੁਤਾਬਕ ਬੀਤੇ ਸਾਲ 2025 ਦੌਰਾਨ 10,53,000 ਭਾਰਤੀਆਂ ਦੇ ਵਰਕ ਪਰਮਿਟ ਖ਼ਤਮ ਹੋ ਗਏ ਸਨ ਅਤੇ 2026 ਵਿਚ 9,27,000 ਹੋਰ ਵਰਕ ਪਰਮਿਟ ਖ਼ਤਮ ਹੋ ਜਾਣਗੇ ਅਤੇ 20 ਲੱਖ ਭਾਰਤੀ ਗ਼ੈਰ ਕਾਨੂੰਨੀ ਤੌਰ 'ਤੇ ਰਹਿਣ ਵਾਲੇ ਹੋ ਜਾਣਗੇ। ਇਕ ਮੋਟੇ ਅੰਦਾਜ਼ੇ ਅਨੁਸਾਰ ਇਨ੍ਹਾਂ ਵਿਚੋਂ 50 ਤੋਂ 60 ਫ਼ੀ ਸਦੀ ਪੰਜਾਬੀ, ਹਰਿਆਣਵੀ ਤੇ ਦਿੱਲੀ ਦੇ ਹਨ। ਮਿਸੀਸਾਗਾ ਤੋਂ ਇਕ ਇਮੀਗ੍ਰੇਸ਼ਨ ਮਾਹਰ ਦੇ ਅੰਕੜਿਆਂ ਅਨੁਸਾਰ ਕੈਨੇਡਾ ਸਰਕਾਰ ਨੇ ਨਵੀਂ ਨੀਤੀ ਮੁਤਾਬਕ ਨਵੇਂ ਸਿਰਿਉਂ ਵਰਕ ਪਰਮਿਟ ਜਾਂ ਪੁਰਾਣੇ ਦੇ ਖ਼ਤਮ ਹੋਣ 'ਤੇ ਨਵੇਂ ਦੇਣ ਜਾਂ ਸਟੱਡੀ ਵੀਜ਼ੇ ਨਵਿਆਉਣ ਅਤੇ ਯੂਨੀਵਰਸਟੀਆਂ ਕਾਲਜਾਂ ਅਤੇ ਸੰਸਥਾਵਾਂ 'ਤੇ ਥੋਪੇ ਨਵੇਂ ਕਾਨੂੰਨਾਂ ਅਨੁਸਾਰ ਕਾਫ਼ੀ ਪਾਬੰਦੀਆਂ ਲਾਈਆਂ ਹਨ। ਮਾਹਿਰ ਇਹ ਵੀ ਦੱਸਦੇ ਹਨ ਕਿ ਰਿਫ਼ਿਊਜੀ ਸਟੇਟਸ ਸ਼ੈਲਟਰ ਕੱਚੀ ਜਾਂ ਪੱਖੀ ਦੇਣ ਅਤੇ ਵਿਦਿਆਰਥੀ ਵੀਜ਼ੇ ਦੇਣੇ ਵੀ ਅੱਧੇ ਕਰ ਦਿਤੇ ਹਨ। ਹੋਰ ਤਾਂ ਹੋਰ ਪਿਛਲੇ ਸਤੰਬਰ ਮਹੀਨੇ ਤੋਂ ਫ਼ੀਸਾਂ ਅਤੇ ਜੇਬ ਖ਼ਰਚੇ ਲਈ ਬੈਂਕ ਖਾਤਿਆਂ ਵਿਚ ਪੈਂਦੀ ਰਕਮ ਵੀ ਦੁਗਣੀ ਕਰ ਦਿਤੀ ਹੈ। ਅੰਕੜੇ ਦਸਦੇ ਹਨ ਕਿ ਜਨਵਰੀ ਤੋਂ ਮਾਰਚ ਤਕ ਪਹਿਲੀ ਤਿਮਾਹੀ ਵਿਚ ਹੀ 3,15,000 ਵਰਕ ਪਰਮਿਟਾਂ ਦੀ ਮਿਆਦ ਖ਼ਤਮ ਹੋ ਰਹੀ ਹੈ।

AKAL TRAVEL
ਅਮਰੀਕਾ ਦੇ ਕਿਸੇ ਵੀ ਸ਼ਹਿਰ ਤੋਂ ਵਧੀਆ ਫਲਾਈਟਾਂ, ਵਧੀਆ ਸੇਵਾਵਾਂ ਅਤੇ ਘੱਟ ਕਿਰਾਏ ਲਈ ਸੰਪਰਕ ਕਰੋ

We Represent All Major Airline
We Will Beat Or Match Any Price
Seattle to Delhi : $785
We Issue The Ticket From India Also
Delhi Bombay Special
Ask For Detail
WE ALSO DO : * NOTARY * VISA * PASSPORT * TRANSLATION
PHONE : 253-852-1984, 253-852-1985
24 HOUR EMERGENCY SERVICE 206-370-9480
TOLL FREE : 1-800-828-8543
EMAIL : FLY@AKALTRAVEL.COM
HOURS : MON TO SAT 9AM TO 7PM AND SUN 1PMTO 6PM

TUKWILA DENTAL CENTER
NEW PATIENTS & EMERGENCIES WELCOME
GENERAL DENTISTRY FOR ALL AGES
*A Caring Team for You & Your Family*
Most Crowns and Bridges are made same day with our CAD/CAM System
• General Dentistry • Bridges • Fillings • Dentures
• Dental Implants • Crowns • Cosmetic Dentistry • Sealants
• Treatment of Gum Disease • Oral Surgery • Root Canals

HARCHAND SINGH DDS PS, SARAA ABDULATEEF DDS MS, ABRAAM ABRAMOV LD, MUKTA SINGH DDS, TANVEER S BUTTAR DDS
Hours : Monday 9AM - 6PM
Tuesday 9AM - 6PM
Wednesday 9AM - 6PM
Thursday 9AM - 6PM
Friday 8AM - 4PM
*(Fellow & Master Academy of General Dentistry)*
DENTAL LAB ON PREMISES
13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860

Complete Dental Care
New & Emergency Patients Welcome
-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry

ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ
Dr. Manpreet Dhaliwal
Dr. Navdeep Dhaliwal
Dr. Donald Hainer
Complete DENTAL CARE
Ph: 253-854-2714
SUITE #1, 10725 SE 256TH ST, KENT, WA

Prices Effective From 31st Dec 2025

# PUNJAB GROCERY BAZAAR

OLD KK MARKET

# SUPER SALE

## Happy New year 2026




**FIRST TIME IN USA — PREMIUM CANADIAN ATTA BRAND IS NOW AVAILABLE!**

**Price**
**$13.99** LBS

+1 253-854-5236

**23805, 104TH AVE SE, KENT, WA 98031, UNITED STATES**

# ਜੀਵਨ ਸਿੰਘ ਬਡਵਾਲ ਕੈਨੇਡਾ ਟੀਮ ਲਈ ਚੁਣਿਆ ਗਿਆ



ਵੈਨਕੂਵਰ:ਵਾਈਟਕੈਪਸ ਸੌਕਰ ਦੇ 3 ਖਿਡਾਰੀਆਂ ਨੂੰ ਵਿਸ਼ਵ ਕੱਪ ਦੀ ਤਿਆਰੀ ਲਈ ਕੈਨੇਡਾ ਫੁੱਟਬਾਲ ਟੀਮ ਲਈ ਚੁਣਿਆ ਗਿਆ ਹੈ।ਇਨ੍ਹਾਂ ਵਿੱਚ ਪੰਜਾਬੀ ਨੌਜਵਾਨ ਜੀਵਨ ਸਿੰਘ ਬਡਵਾਲ ਵੀ ਸ਼ਾਮਲ ਹੈ।ਬਡਵਾਲ ਪ੍ਰੀਵਾਰ ਨੂੰ ਬਹੁਤ ਬਹੁਤ ਮੁਬਾਰਕਾਂ ਜਿਹਨਾਂ ਨੇ ਆਪਣੇ ਬੱਚੇ ਨੂੰ ਖਿਡਾਰੀ ਬਣਾਉਣ ਲਈ ਬਹੁਤ ਸਮਾਂ ਦਿੱਤਾ।ਉਹਨਾਂ ਦੀ ਮਿਹਨਤ ਦਾ ਫਲ ਮਿਲ ਰਿਹਾ ਹੈ।ਜੀਵਨ ਬਡਵਾਲ ਬਹੁਤ ਹੀ ਵਧੀਆ ਖੇਡਦਾ ਹੈ ਜਿਸ ਉੱਪਰ ਸਿੱਖ ਕੌਮ ਦੇ ਨਾਲ ਨਾਲ ਸਭ ਕੈਨੇਡੀਅਨਜ਼ ਨੂੰ ਮਾਣ ਹੈ।ਪ੍ਰਮਾਤਮਾ ਕਰੇ ਜੀਵਨ ਦੀ ਖੇਡ ਹੋਰ ਚਮਕੇ ਅਤੇ ਆਪਣੀ ਕਮਿਊਨਿਟੀ ਦਾ ਨਾਮ ਦੁਨੀਆ ਵਿੱਚ ਉੱਚਾ ਕਰੇ।ਚੇਤੇ ਰਹੇ ਜੀਵਨ ਬਡਵਾਲ ਨੇ ਬਚਪਨ ਵਿੱਚ ਸੌਕਰ ਦੀ ਸ਼ੁਰੂਆਤ ਬੀ.ਸੀ ਟਾਈਗਰਜ਼ ਸੌਕਰ ਕਲੱਬ ਨਾਲ ਸ਼ੁਰੂ ਕੀਤੀ ਸੀ।


## ਹੁਣ ਕੈਂਟ ਵਿੱਚ ਵਿਜੈ ਜਿਊਲਰਜ਼ ਨੇ ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

# Vijay JEWELLERS INC.

**Specializing in 22K Gold**




**ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ**





ਅਨੇਕਾਂ ਪ੍ਰਕਾਰ ਦੇ ਗਹਿਣੇ
ਲੇਟੈਸਟ ਡਿਜਾਈਨਾਂ ਵਿਚ ਲਵੋ

ਹਰੇਕ ਤਰ੍ਹਾਂ ਦੇ ਨਗ ਸਰਟੀਫਾਈਡ ਮਿਲਦੇ ਹਨ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ

**Naman Dhawan**
**856-325-9919, 253-277-3854**

**Vijay Dhawan**
**253-656-2666**

**25416 104th Ave SE, Kent, WA 98030, USA**

www.vijayjewellersseattle.com vijayjewellersinc@gmail.com

# ਟਰੰਪ ਦਾ ਦਾਅਵਾ:ਰੂਸ ਤੇ ਚੀਨ ਦੇ ਮਨ ‘ਚ ਅਮਰੀਕਾ ਤੋਂ ਬਿਨਾਂ ਨਾਟੋ ਦਾ ਕੋਈ ਡਰ ਨਹੀਂ

ਵਾਸ਼ਿੰਗਟਨ: ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਨਾਟੋ ਅਤੇ ਵਿਸ਼ਵ ਸੁਰੱਖਿਆ ਨੂੰ ਲੈ ਕੇ ਇਕ ਵੱਡਾ ਬਿਆਨ ਜਾਰੀ ਕੀਤਾ ਹੈ। ‘ਦਿ ਡੀਜੇਟੀ ਡਾਕਟਰੀਨ: ਨਾਟੋ ਐਂਡ ਗਲੋਬਲ ਸਕਿਓਰਿਟੀ’ ਦੇ ਹਵਾਲੇ ਨਾਲ ਸਾਹਮਣੇ ਆਏ ਇਸ ਬਿਆਨ ਵਿਚ ਟਰੰਪ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਦੇ ਯਤਨਾਂ ਸਦਕਾ ਹੀ ਅੱਜ ਨਾਟੋ ਦੇਸ਼ ਆਪਣੇ ਹਿੱਸੇ ਦਾ ਪੂਰਾ ਭੁਗਤਾਨ ਕਰ ਰਹੇ ਹਨ।

ਟਰੰਪ ਨੇ ਕਿਹਾ ਕਿ ਉਨ੍ਹਾਂ ਦੇ ਆਉਣ ਤੋਂ ਪਹਿਲਾਂ ਨਾਟੋ ਦੇਸ਼ ਆਪਣੀ ਜੀ.ਡੀ.ਪੀ. ਦਾ ਸਿਰਫ਼ 2 ਫੀਸਦੀ ਖਰਚ ਕਰ ਰਹੇ ਸਨ ਅਤੇ ਆਪਣੇ ਬਿੱਲਾਂ ਦਾ ਭੁਗਤਾਨ ਵੀ ਨਹੀਂ ਕਰ ਰਹੇ ਸਨ, ਜਦਕਿ ਅਮਰੀਕਾ ਮੂਰਖਤਾਪੂਰਵਕ ਉਨ੍ਹਾਂ ਦਾ ਖਰਚਾ ਚੁੱਕ ਰਿਹਾ ਸੀ। ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਨੇ ਇਸ ਖਰਚੇ ਨੂੰ ਵਧਾ ਕੇ 5 ਫੀਸਦੀ ਜੀ.ਡੀ.ਪੀ. ਤੱਕ ਪਹੁੰਚਾਇਆ ਹੈ ਅਤੇ ਹੁਣ ਸਾਰੇ ਦੇਸ਼ ਤੁਰੰਤ ਭੁਗਤਾਨ ਕਰ ਰਹੇ ਹਨ।ਰਾਸ਼ਟਰਪਤੀ ਟਰੰਪ ਨੇ ਜ਼ੋਰ ਦੇ ਕੇ ਕਿਹਾ ਕਿ ਜੇਕਰ ਉਹ ਦਖਲ ਨਾ ਦਿੰਦੇ ਤਾਂ ਰੂਸ ਨੇ ਹੁਣ ਤੱਕ ਪੂਰੇ ਯੂਕਰੇਨ ‘ਤੇ ਕਬਜ਼ਾ ਕਰ ਲਿਆ ਹੁੰਦਾ। ਉਨ੍ਹਾਂ ਮੁਤਾਬਕ, ਰੂਸ ਅਤੇ ਚੀਨ ਦੇ ਮਨ ਵਿਚ ਅਮਰੀਕਾ ਤੋਂ ਬਿਨਾਂ ਨਾਟੋ ਦਾ ਕੋਈ ਡਰ ਨਹੀਂ ਹੈ। ਦੁਨੀਆਂ ਦੀਆਂ ਇਹ ਸ਼ਕਤੀਆਂ ਸਿਰਫ਼ ਉਸ ਅਮਰੀਕੀ ਫੌਜ ਦਾ ਸਨਮਾਨ ਅਤੇ ਡਰ ਕਰਦੀਆਂ ਹਨ, ਜਿਸ ਦਾ ਨਿਰਮਾਣ ਟਰੰਪ ਨੇ ਆਪਣੇ ਕਾਰਜਕਾਲ ਦੌਰਾਨ ਕੀਤਾ ਹੈ।ਟਰੰਪ ਨੇ ਕਿਹਾ ਕਿ ਉਨ੍ਹਾਂ ਨੇ ਇਕੱਲੇ ਦਮ ‘ਤੇ 8 ਜੰਗਾਂ ਖ਼ਤਮ ਕੀਤੀਆਂ ਅਤੇ ਲੱਖਾਂ ਲੋਕਾਂ ਦੀਆਂ ਜਾਨਾਂ ਬਚਾਈਆਂ ਹਨ।

# ਯਾਸੀਨ ਮਲਿਕ ਨੂੰ 28 ਜਨਵਰੀ ਨੂੰ ਫਾਂਸੀ ਦੀ ਸਜ਼ਾ ਹੋ ਸਕਦੀ ਹੈ:ਯਾਸੀਨ ਮਲਿਕ



ਰਾਵਲਪਿੰਡੀ:-ਜੇਲ੍ਹ ਵਿੱਚ ਬੰਦ ਕਸ਼ਮੀਰੀ ਨੇਤਾ ਯਾਸੀਨ ਮਲਿਕ ਦੀ ਪਤਨੀ ਮਿਸ਼ਾਲ ਮਲਿਕ ਨੇ ਗੰਭੀਰ ਚਿੰਤਾਵਾਂ ਪ੍ਰਗਟ ਕੀਤੀਆਂ ਹਨ ਕਿ ਉਨ੍ਹਾਂ ਦੇ ਪਤੀ ਨੂੰ 28 ਜਨਵਰੀ ਨੂੰ ਫਾਂਸੀ ਦਿੱਤੀ ਜਾ ਸਕਦੀ ਹੈ, ਕਿਉਂਕਿ ਉਨ੍ਹਾਂ ਨੇ ਭਾਰਤ ਦੀ ਤਿਹਾੜ ਜੇਲ੍ਹ ਤੋਂ ਉਨ੍ਹਾਂ ਦੀ ਰਿਹਾਈ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਪਾਕਿਸਤਾਨ ਕਸ਼ਮੀਰ ਤੋਂ ਬਿਨਾਂ ਅਧੂਰਾ ਹੈ ਅਤੇ ਇਸ ਗੱਲ ‘ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦਾ ਸੰਘਰਸ਼ ਸਿਰਫ਼ ਉਨ੍ਹਾਂ ਦੇ ਪਤੀ ਲਈ ਨਹੀਂ ਸਗੋਂ ਲੱਖਾਂ ਸ਼ਹੀਦਾਂ ਲਈ ਹੈ।ਰਾਵਲਪਿੰਡੀ ਦੇ ਰਾਜਾ ਬਾਜ਼ਾਰ ਵਿੱਚ ਬਾਜੌਰ ਪਲਾਜ਼ਾ ਵਿਖੇ ਵਪਾਰੀਆਂ ਨੂੰ ਸੰਬੋਧਨ ਕਰਦਿਆਂ ਮਿਸ਼ਾਲ ਮਲਿਕ ਨੇ ਕਿਹਾ ਕਿ ਕਸ਼ਮੀਰ ਅੰਦੋਲਨ ਕੋਈ ਰਾਜਨੀਤਿਕ ਸੰਘਰਸ਼ ਨਹੀਂ ਹੈ, ਸਗੋਂ ਕੁਰਬਾਨੀ ਅਤੇ ਮਨੁੱਖਤਾ ਦਾ ਸੰਘਰਸ਼ ਹੈ।“ਅਸੀਂ ਵੋਟਾਂ ਜਾਂ ਸੱਤਾ ਲਈ ਬਾਹਰ ਨਹੀਂ ਹਾਂ,” ਉਨ੍ਹਾਂ ਕਿਹਾ, ਉਨ੍ਹਾਂ ਕਿਹਾ ਕਿ ਕਸ਼ਮੀਰੀ ਅਤੇ ਫਲਸਤੀਨੀ ਇਸ ਸਮੇਂ ਸੱਚ ਅਤੇ ਝੂਠ ਵਿਚਕਾਰ ਸਭ ਤੋਂ ਵੱਡੀ ਲੜਾਈ ਲੜ ਰਹੇ ਹਨ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਰਤ ਸਰਕਾਰ ‘ਤੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਗੰਭੀਰ ਨਸਲਕੁਸ਼ੀ ਕਰਨ ਦਾ ਦੋਸ਼ ਲਗਾਇਆ।

# ਟਰੰਪ ਦੀਆਂ ਨੀਤੀਆਂ ਕਾਰਨ ਮੱਧ ਪੂਰਬ ਤੋਂ ਯੂਰਪ ਤੱਕ ਹੜਕੰਪ

ਸਾਲ 2026 ਦੀ ਸ਼ੁਰੂਆਤ ਦੁਨੀਆ ਲਈ ਇੱਕ ਵੱਡੇ ਭੂ-ਰਾਜਨੀਤਿਕ ਸੰਕਟ ਦਾ ਸੰਕੇਤ ਦੇ ਰਹੀ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਹਮਲਾਵਰ ਰੁਖ਼ ਨੇ ਮੱਧ ਪੂਰਬ ਅਤੇ ਯੂਰਪੀ ਦੇਸ਼ਾਂ ਵਿੱਚ ਜੰਗ ਦਾ ਡਰ ਪੈਦਾ ਕਰ ਦਿੱਤਾ ਹੈ। ਅਮਰੀਕਾ ਨੇ ਜਿੱਥੇ ਖੇਤਰ ਵਿੱਚ ਫੌਜੀ ਜਹਾਜ਼ਾਂ ਦੀ ਤਾਇਨਾਤੀ ਵਧਾ ਦਿੱਤੀ ਹੈ, ਉੱਥੇ ਹੀ ਈਰਾਨ ਅਤੇ ਡੈਨਮਾਰਕ ਨੇ ਵੀ “ਲੜਨ ਲਈ ਤਿਆਰ” ਹੋਣ ਦਾ ਐਲਾਨ ਕਰ ਦਿੱਤਾ ਹੈ। ਮੱਧ ਪੂਰਬ ਵਿੱਚ ਅਮਰੀਕੀ ਫੌਜ ਦੀ ਹਲਚਲ ਅਮਰੀਕਾ ਨੇ ਯੂਰਪ ਤੋਂ ਦਰਜਨਾਂ ਫੌਜੀ ਜਹਾਜ਼ ਮੱਧ ਪੂਰਬ ਵੱਲ ਤਬਦੀਲ ਕਰ ਦਿੱਤੇ ਹਨ।: ਈਰਾਨ ਨੇ ਵੀ ਜਵਾਬੀ ਕਾਰਵਾਈ ਵਜੋਂ ਤਹਿਰਾਨ ਸਮੇਤ ਕਈ ਸ਼ਹਿਰਾਂ ਵਿੱਚ ਮਿਜ਼ਾਈਲ ਅਭਿਆਸ ਤੇਜ਼ ਕਰ ਦਿੱਤੇ ਹਨ। ਡੈਨਮਾਰਕ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਅਮਰੀਕਾ ਉਸਦੇ ਖੇਤਰ ‘ਤੇ ਹਮਲਾ ਕਰਦਾ ਹੈ, ਤਾਂ ਉਹ “ਬਿਨਾਂ ਉਡੀਕ ਕੀਤੇ ਤੁਰੰਤ ਲੜੇਗਾ”।ਸਾਰੇ ਦੇਸ਼ ਆਪਣੇ ਬਚਾਅ ਲਈ ਜੰਗੀ ਓਭਿਆਸ ਵਿੱਚ ਰੁੱਝ ਗਰੇ ਹਨ।

# ਮੁੱਖ ਮੰਤਰੀ ਮਾਨ ਦੀ ਜਥੇਦਾਰ ਨੂੰ ਅਪੀਲ

## ਮੇਰੇ ਸਪੱਸ਼ਟੀਕਰਨ ਸਮੇਂ ਲਾਈਵ ਟੈਲੀਕਾਸਟ ਕੀਤਾ ਜਾਵੇ

ਚੰਡੀਗੜ੍ਹ:-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਕਾਲ ਤਖ਼ਤ ਸਾਹਿਬ ਤੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗਜ ਨੂੰ ਅਪੀਲ ਕੀਤੀ ਹੈ ਕਿ 15 ਜਨਵਰੀ ਨੂੰ ਜਦੋਂ ਉਹ ਹਿਸਾਬ ਕਿਤਾਬ ਲੈ ਕੇ ਆਪਣਾ ਸਪਸ਼ਟੀਕਰਨ ਦੇਣਗੇ ਤਾਂ ਉਸ ਸਮੇਂ ਲਾਈਵ ਪ੍ਰਸਾਰਨ ਕੀਤਾ ਜਾਵੇ। ਇਸ ਗੱਲ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਟਵੀਟ ਰਾਹੀਂ ਕੀਤਾ ਹੈ।ਮੁੱਖ ਮੰਤਰੀ ਨੇ ਕਿਹਾ, ‘ਪੂਰੀ ਦੁਨੀਆ ਚੋਂ ਮੈਨੂੰ ਸੁਨੇਹੇ ਆ ਰਹੇ ਨੇ ਕਿ 15 ਜਨਵਰੀ ਨੂੰ ਜਦੋਂ ਸੰਗਤ ਵੱਲੋਂ ਗੋਲਕ ਦਾ ਹਿਸਾਬ-ਕਿਤਾਬ ਲੈ ਕੇ ਜਾਵਾਂਗੇ..ਸਾਰੇ ਚੈਨਲਾਂ ਤੇ ਲਾਈਵ ਟੈਲੀਕਾਸਟ ਹੋਣਾ ਚਾਹੀਦੈ..ਮੈਂ ਵੀ ਦੁਨੀਆਂ ਭਰ ਦੀ ਸੰਗਤ ਦੀ ਭਾਵਨਾ ਨੂੰ ਸਮਝਦੇ ਹੋਏ ਜਥੇਦਾਰ ਸਾਹਿਬ ਨੂੰ ਬੇਨਤੀ ਕਰਦਾ ਹਾਂ ਕਿ ਮੇਰੇ ਸਪੱਸ਼ਟੀਕਰਨ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇ ਤਾਂ ਕਿ ਸੰਗਤਾਂ ਪਲ-ਪਲ ਅਤੇ ਪੈਸੇ-ਪੈਸੇ ਦੇ ਹਿਸਾਬ ਨਾਲ ਜੁੜੀਆਂ ਰਹਿਣ..ਮਿਲਦੇ ਹਾਂ ਜੀ 15 ਜਨਵਰੀ ਨੂੰ ਸਬੂਤਾਂ ਸਮੇਤ।

# ਸਿੱਖ ਗੁਰੂ ਸਾਹਿਬਾਨ ਬਾਰੇ ਮਾੜੀ ਭਾਸ਼ਾ ਬਰਦਾਸ਼ਤਯੋਗ ਨਹੀਂ, ਮੁਆਫੀ ਮੰਗੇ ਆਤਿਸ਼ੀ:ਗਿ. ਹਰਪ੍ਰੀਤ ਸਿੰਘ

ਅੰਮ੍ਰਿਤਸਰ- ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਆਤਿਸ਼ੀ ਵੱਲੋਂ ਵਿਧਾਨ ਸਭਾ ਵਿਚ ਸਿੱਖ ਗੁਰੂਆਂ ਬਾਰੇ ਕੀਤੀ ਗਈ ਕਥਿਤ ਅਪਮਾਨਜਨਕ ਟਿੱਪਣੀ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਇਸ ਟਿੱਪਣੀ ਨੂੰ ਬੇਹੱਦ ਨਿੰਦਣਯੋਗ ਕਰਾਰ ਦਿੰਦਿਆਂ ਕਿਹਾ ਕਿ ਇਸ ਮਾਮਲੇ ਵਿਚ ਸੰਬੰਧਤ ਆਮ ਆਦਮੀ ਪਾਰਟੀ ਦੀ ਆਗੂ ਨੂੰ ਤੁਰੰਤ ਮੁਆਫ਼ੀ ਮੰਗਣੀ ਚਾਹੀਦੀ ਹੈ।ਗਿਆਨੀ ਹਰਪ੍ਰੀਤ ਸਿੰਘ ਨੇ ਇਸ ਸਬੰਧੀ ਟਵੀਟ ਕਰਦੇ ਹੋਏ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਵਿਰੁੱਧ ਅਜਿਹੀ ਭਾਸ਼ਾ ਕਿਸੇ ਵੀ ਕੀਮਤ ‘ਤੇ ਬਰਦਾਸ਼ਤਯੋਗ ਨਹੀਂ ਹੈ।ਉਨ੍ਹਾਂ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੂੰ ਵੀ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀ ਪਾਰਟੀ ਦੇ ਆਗੂ ਵੱਲੋਂ ਤੁਰੰਤ ਮੁਆਫ਼ੀ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇਹ ਭੁਲੇਖਾ ਨਾ ਪਾਲੇ ਕਿ ਵਿਧਾਨ ਸਭਾ ਦੇ ਅੰਦਰ ਅਜਿਹੀਆਂ ਟਿੱਪਣੀਆਂ ਕਰ ਕੇ ਉਹ ਕਾਨੂੰਨੀ ਜਾਂ ਜਨਤਕ ਜ਼ਿੰਮੇਵਾਰੀ ਤੋਂ ਬਚ ਸਕਦੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਸਪੱਸ਼ਟ ਕੀਤਾ ਕਿ ਅਪਮਾਨ ਦੇ ਵਿਰੁੱਧ ‘ਚ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਵਿਧਾਨ ਸਭਾ ਤੋਂ ਲੈ ਕੇ ਸੜਕਾਂ ਤੱਕ ਸਖ਼ਤ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।

# ਕੈਨੇਡੀਅਨ ਇੰਮੀਗ੍ਰੇਸ਼ਨ ਨੇ ਇੰਟਰਨੈਸ਼ਨਲ ਸਟੂਡੈਂਟਸ ਨੂੰ ਪਾਈਆਂ ਭਾਜੜਾਂ

ਹੈਲੀਫ਼ੈਕਸ: ਕੈਨੇਡੀਅਨ ਇੰਮੀਗ੍ਰੇਸ਼ਨ ਵਾਲਿਆਂ ਦੀ ਕੋਤਾਹੀ ਇੰਟਰਨੈਸ਼ਨਲ ਸਟੂਡੈਂਟਸ ਨੂੰ ਕਿੰਨੀ ਮਹਿੰਗੀ ਪੈ ਸਕਦੀ ਹੈ, ਇਸ ਦੀ ਮਿਸਾਲ ਹੈਲੀਫ਼ੈਕਸ ਦੀ ਡਲਹਾਊਜ਼ੀ ਯੂਨੀਵਰਸਿਟੀ ਵਿਚ ਪੜ੍ਹ ਰਹੀ ਮੁਟਿਆਰ ਤੋਂ ਮਿਲਦੀ ਹੈ ਜਿਸ ਨੂੰ ਡਿਪੋਰਟ ਕਰਨ ਤੱਕ ਦੀ ਨੌਬਤ ਆ ਗਈ। ਜੀ ਹਾਂ, ਫ਼ੀਮੇਲ ਸਟੂਡੈਂਟ ਨੂੰ ਕੰਮ ਕਰਨ ਤੋਂ ਵੀ ਰੋਕ ਦਿੱਤਾ ਗਿਆ ਅਤੇ ਦਲੀਲ ਇਹ ਦਿੱਤੀ ਗਈ ਕਿ ਸਟੱਡੀ ਵੀਜ਼ਾ ਦੀ ਮਿਆਦ ਵਧਾਉਣ ਲਈ ਦਾਇਰ ਅਰਜ਼ੀ ਨਾਲ ਪ੍ਰੋਵਿਨਸ਼ੀਅਲ ਅਟੈਸਟੇਸ਼ਨ ਲੈਟਰ ਸ਼ਾਮਲ ਨਹੀਂ ਸੀ। ਸੀ.ਬੀ.ਸੀ. ਦੀ ਰਿਪੋਰਟ ਮੁਤਾਬਕ 25 ਸਾਲਾ ਚਿਹੋਰੋ ਕੌਂਡੋ ਨੇ ਦਾਅਵਾ ਕੀਤਾ ਕਿ ਉਸ ਵੱਲੋਂ ਹਰ ਦਸਤਾਵੇਜ਼ ਅਰਜ਼ੀ ਵਿਚ ਸ਼ਾਮਲ ਕੀਤਾ ਗਿਆ ਅਤੇ ਕੋਈ ਖਾਮੀ ਹੋਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ ਪਰ ਇੰਮੀਗ੍ਰੇਸ਼ਨ ਅਤੇ ਸਿਟੀਜ਼ਨਸ਼ਿਪ ਵਿਭਾਗ ਵੱਲੋਂ ਲਿਖੇ ਪੱਤਰ ਮੁਤਾਬਕ ਪ੍ਰੋਵਿਨਸ਼ੀਅਲ ਅਟੈਸਟੇਸ਼ਨ ਲੈਟਰ ਉਨ੍ਹਾਂ ਨੂੰ ਮਿਲਿਆ ਹੀ ਨਹੀਂ। ਇੰਮੀਗ੍ਰੇਸ਼ਨ ਵਿਭਾਗ ਨੇ ਚਿਹੋਰੋ ਨੂੰ ਹੁਕਮ ਜਾਰੀ ਕਰ ਦਿਤੇ ਕਿ ਹਾਲਾਤ ਦੀ ਸਮੀਖਿਆ ਮਗਰੋਂ ਹੁਣ ਉਸ ਕੋਲ ਕੈਨੇਡਾ ਵਿਚ ਪੜ੍ਹਨ ਅਤੇ ਕੰਮ ਕਰਨ ਦਾ ਹੱਕ ਨਹੀਂ ਰਹਿ ਗਿਆ ਕਿਉਂਕਿ ਉਸ ਦਾ ਪੁਰਾਣਾ ਵੀਜ਼ਾ ਖ਼ਤਮ ਹੋ ਚੁੱਕਾ ਹੈ। ਇੰਮੀਗ੍ਰੇਸ਼ਨ ਵਾਲਿਆਂ ਦੀ ਚਿੱਠੀ ਨੇ ਚਿਹੋਰੋ ਨੂੰ ਵੱਡੀ ਮੁਸ਼ਕਲ ਵਿਚ ਫਸਾ ਦਿਤਾ ਜਿਸ ਵਿਚੋਂ ਬਾਹਰ ਆਉਣਾ ਸੌਖਾ ਮਹਿਸੂਸ ਨਹੀਂ ਸੀ ਹੋ ਰਿਹਾ।


ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ

#1 Services On Your Special Events

SARDAR JI CATERING

SARDAR JI CATERING

Website:www.sardarjicatering.com



ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ

- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons

*No matter the Event *Count on us * Available for all occasions

ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ

For Catering Enquiries Contact: Off:206-517-4444, Cell:206-771-5079

6417 Roosevelt Way NE #105, Seattle WA 98115 Email:sardarjicatering@gmail.com

# ਪੜ੍ਹੇ-ਲਿਖੇ ਲੋਕਾਂ ਦਾ ਦੇਸ਼ ਵਿਰੋਧੀ ਗਤੀਵਿਧੀਆਂ ’ਚ ਸ਼ਾਮਲ ਹੋਣਾ ਚਿੰਤਾਜਨਕ:ਰਾਜਨਾਥ ਸਿੰਘ

ਉਦੈਪੁਰ: ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸ਼ੁਕਰਵਾਰ ਨੂੰ ਕਿਹਾ ਕਿ ਦੇਸ਼ ’ਚ ਅਤਿਵਾਦ ਦਾ ਚਿੰਤਾਜਨਕ ਰੁਝਾਨ ਉੱਭਰ ਰਿਹਾ ਹੈ, ਜਿਸ ’ਚ ਉੱਚ ਪੜ੍ਹੇ-ਲਿਖੇ ਲੋਕ ਸਮਾਜ ਵਿਰੋਧੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ’ਚ ਸ਼ਾਮਲ ਹੋ ਰਹੇ ਹਨ। ਰਾਜਨਾਥ ਸਿੰਘ ਨੇ 10 ਨਵੰਬਰ ਨੂੰ ਦਿੱਲੀ ਦੇ ਲਾਲ ਕਿਲ੍ਹੇ ਨੇੜੇ ਹੋਏ ਕਾਰ ਬੰਬ ਧਮਾਕੇ ਵਲ ਇਸ਼ਾਰਾ ਕੀਤਾ, ਜਿੱਥੇ ਦੋਸ਼ੀ ਡਾਕਟਰ ਪਾਏ ਗਏ ਸਨ। ਭੋਪਾਲ ਨੋਬਲਸ ਯੂਨੀਵਰਸਿਟੀ ਦੇ 104ਵੇਂ ਸਥਾਪਨਾ ਦਿਵਸ ਸਮਾਰੋਹ ਦੌਰਾਨ ਰਾਜਨਾਥ ਸਿੰਘ ਨੇ ਕਿਹਾ, ‘‘ਅੱਜ, ਦੇਸ਼ ਵਿਚ ਸਫੇਦਪੋਸ਼ ਅਤਿਵਾਦ ਦਾ ਇਕ ਚਿੰਤਾਜਨਕ ਰੁਝਾਨ ਉੱਭਰ ਰਿਹਾ ਹੈ। ਉੱਚ ਪੜ੍ਹੇ-ਲਿਖੇ ਲੋਕ ਸਮਾਜ ਅਤੇ ਦੇਸ਼ ਦੇ ਵਿਰੁਧ ਕੰਮ ਕਰ ਰਹੇ ਹਨ। ਦਿੱਲੀ ਬੰਬ ਧਮਾਕੇ ਦੇ ਮੁਲਜ਼ਮ ਡਾਕਟਰ ਸਨ, ਜੋ ਨੁਸਖ਼ਿਆਂ ਉਤੇ ‘ਆਰ ਐਕਸ’ ਲਿਖਦੇ ਹਨ, ਫਿਰ ਵੀ ਉਨ੍ਹਾਂ ਦੇ ਹੱਥਾਂ ’ਚ ਆਰ.ਡੀ.ਐਕਸ. ਹੈ। ਇਹ ਕਦਰਾਂ-ਕੀਮਤਾਂ ਅਤੇ ਚਰਿੱਤਰ ਦੇ ਨਾਲ ਗਿਆਨ ਦੀ ਜ਼ਰੂਰਤ ਨੂੰ ਉਜਾਗਰ ਕਰਦਾ ਹੈ। ਸਿੱਖਿਆ ਦਾ ਉਦੇਸ਼ ਨਾ ਸਿਰਫ ਪੇਸ਼ੇਵਰ ਸਫਲਤਾ ਹੈ ਬਲਕਿ ਨੈਤਿਕਤਾ, ਨੈਤਿਕਤਾ ਅਤੇ ਮਨੁੱਖੀ ਚਰਿੱਤਰ ਦਾ ਵਿਕਾਸ ਵੀ ਹੈ।’’

# ਮਮਦਾਨੀ ਨੇ ਲਿਖਿਆ ਖਾਲਿਦ ਲਈ ਨੋਟ:ਭਾਰਤ ਆਪਣੇ ਅੰਦਰੂਨੀ ਮਾਮਲਿਆਂ ਵਿੱਚ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕਰੇਗਾ:ਭਾਜਪਾ



ਨਵੀਂ ਦਿੱਲੀ:-ਨਿਊਯਾਰਕ ਸਿਟੀ ਦੇ ਮੇਅਰ ਜ਼ੋਹਰਾਨ ਮਮਦਾਨੀ ਵੱਲੋਂ ਖਾਲਿਦ ਲਈ ਨੋਟ ਲਿਖਣ ਤੋਂ ਬਾਅਦ ਭਾਜਪਾ ਨੇ ਅੱਜ ਕਿਹਾ ਕਿ ਭਾਰਤ ਆਪਣੇ ਅੰਦਰੂਨੀ ਮਾਮਲਿਆਂ ਵਿਚ ਕਿਸੇ ਵੀ ਤਰ੍ਹਾਂ ਦੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕਰੇਗਾ। ਭਾਜਪਾ ਦੇ ਕੌਮੀ ਬੁਲਾਰੇ ਗੌਰਵ ਭਾਟੀਆ ਨੇ ਨਿਊਯਾਰਕ ਸਿਟੀ ਦੇ ਮੇਅਰ ਨੂੰ ਅਜਿਹੀਆਂ ਕੋਸ਼ਿਸ਼ਾਂ ਨਾ ਕਰਨ ਲਈ ਚਿਤਾਵਨੀ ਦਿੱਤੀ।ਭਾਜਪਾ ਨੇ ਜੇਲ੍ਹ ਵਿੱਚ ਬੰਦ ਕਾਰਕੁਨ ਉਮਰ ਖਾਲਿਦ ’ਤੇ ਇੱਕ ਨੋਟ ਲਿਖ ਕੇ ਨਿਊਯਾਰਕ ਸਿਟੀ ਦੇ ਮੇਅਰ ਜ਼ੋਹਰਾਨ ਮਮਦਾਨੀ ’ਤੇ ਭਾਰਤ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲਅੰਦਾਜ਼ੀ ਕਰਨ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਭਾਰਤ ਅਜਿਹੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਭਾਰਤ ਦੀ ਪ੍ਰਭੂਸੱਤਾ ਨੂੰ ਚੁਣੌਤੀ ਦਿੱਤੀ ਜਾਂਦੀ ਹੈ ਤਾਂ 140 ਕਰੋੜ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਇਕਜੁੱਟ ਹੋ ਜਾਣਗੇ। ਉਨ੍ਹਾਂ ਕਿਹਾ ਕਿ ਭਾਰਤ ਵਾਸੀਆਂ ਨੂੰ ਦੇਸ਼ ਦੀ ਨਿਆਂਪਾਲਿਕਾ ਵਿੱਚ ਪੂਰਾ ਵਿਸ਼ਵਾਸ ਹੈ।ਇਸ ਤੋਂ ਪਹਿਲਾਂ ਮਮਦਾਨੀ ਨੇ ਲਿਖਿਆ, ਪਿਆਰੇ ਉਮਰ, ਮੈਂ ਅਕਸਰ ਕੁੜੱਤਣ ਬਾਰੇ ਤੁਹਾਡੇ ਸ਼ਬਦਾਂ ਬਾਰੇ ਸੋਚਦਾ ਹਾਂ। ਤੁਹਾਡੇ ਮਾਪਿਆਂ ਨੂੰ ਮਿਲ ਕੇ ਖੁਸ਼ੀ ਹੋਈ। ਅਸੀਂ ਸਾਰੇ ਤੁਹਾਡੇ ਬਾਰੇ ਸੋਚ ਰਹੇ ਹਾਂ। ਜਦੋਂ ਜੇਲ੍ਹਾਂ ਅਲੱਗ-ਥਲੱਗ ਕਰਨ ਦੀ ਕੋਸ਼ਿਸ਼ ਕਰਦੀਆਂ ਹਨ ਤਾਂ ਸ਼ਬਦ ਬਹੁਤ ਕੁਝ ਕਹਿ ਜਾਂਦੇ ਹਨ।’

## ਵੈਨੇਜ਼ੁਏਲਾ ‘ਤੇ ਹਮਲੇ ਤੋਂ ਬਾਅਦ ਅਮਰੀਕੀ ਸਿਆਸਤ ਭਖੀ

# ਕਮਲਾ ਹੈਰਿਸ ਨੇ ਵੈਨੇਜ਼ੁਏਲਾ ‘ਤੇ ਹਮਲੇ ਨੂੰ ਲੈ ਕੇ ਘੇਰੀ ਟਰੰਪ ਸਰਕਾਰ

ਵਾਸ਼ਿੰਗਟਨ-ਅਮਰੀਕੀ ਸੈਨਾ ਵੱਲੋਂ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਤੇ ਉਨ੍ਹਾਂ ਦੀ ਪਤਨੀ ਸਿਲਿਆ ਫਲੋਰਸ ਨੂੰ ਹਿਰਾਸਤ ਵਿਚ ਲਏ ਜਾਣ ਤੋਂ ਬਾਅਦ ਅਮਰੀਕਾ ਦੀ ਅੰਦਰੂਨੀ ਸਿਆਸਤ ਪੂਰੀ ਤਰ੍ਹਾਂ ਭਖ ਗਈ ਹੈ। ਅਮਰੀਕਾ ਦੀ ਸਾਬਕਾ ਉਪ-ਰਾਸ਼ਟਰਪਤੀ ਕਮਲਾ ਹੈਰਿਸ ਨੇ ਇਸ ਸੈਨਿਕ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਇਸ ਨੂੰ ”ਗੈਰ-ਕਾਨੂੰਨੀ” ਅਤੇ ”ਬੇਵਕੂਫੀ ਭਰਿਆ” ਕਦਮ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਡੋਨਾਲਡ ਟਰੰਪ ਦੀਆਂ ਇਹ ਕਾਰਵਾਈਆਂ ਅਮਰੀਕਾ ਨੂੰ ਵਧੇਰੇ ਸੁਰੱਖਿਅਤ ਜਾਂ ਮਜ਼ਬੂਤ ਨਹੀਂ ਬਣਾਉਂਦੀਆਂ।

ਕਮਲਾ ਹੈਰਿਸ ਨੇ ਸੋਸ਼ਲ ਮੀਡੀਆ ‘ਤੇ ਪੋਸਟ ਕਰਦਿਆਂ ਕਿਹਾ ਕਿ ਮਾਦੂਰੋ ਭਾਵੇਂ ਇੱਕ ਕਰੂਰ ਤਾਨਾਸ਼ਾਹ ਹੋ ਸਕਦਾ ਹੈ, ਪਰ ਅਮਰੀਕੀ ਕਾਰਵਾਈ ਦਾ ਕੋਈ ਕਾਨੂੰਨੀ ਆਧਾਰ ਨਹੀਂ ਹੈ। ਉਨ੍ਹਾਂ ਇਲਜ਼ਾਮ ਲਗਾਇਆ ਕਿ ਇਹ ਕਾਰਵਾਈ ਲੋਕਤੰਤਰ ਬਚਾਉਣ ਲਈ ਨਹੀਂ, ਸਗੋਂ ਤੇਲ ਤੇ ਡੋਨਾਲਡ ਟਰੰਪ ਦੀ ਖੇਤਰੀ ਤਾਕਤਵਰ ਨੇਤਾ ਬਣਨ ਦੀ ਇੱਛਾ ਨਾਲ ਜੁੜੀ ਹੋਈ ਹੈ। ਹੈਰਿਸ ਅਨੁਸਾਰ, ਅਜਿਹੇ ਯੁੱਧ ਅੰਤ ਵਿਚ ਅਰਾਜਕਤਾ ਵਿਚ ਬਦਲ ਜਾਂਦੇ ਹਨ ਅਤੇ ਇਸ ਦੀ ਭਾਰੀ ਕੀਮਤ ਅਮਰੀਕੀ ਪਰਿਵਾਰਾਂ ਨੂੰ ਚੁਕਾਉਣੀ ਪੈਂਦੀ ਹੈ।

ਰਿਪੋਰਟ ਅਨੁਸਾਰ ਅਮਰੀਕੀ ਸੈਨਾ ਦੀ ਡੇਲਟਾ ਫੋਰਸ ਨੇ ਐੱਫ.ਬੀ.ਆਈ. ਦੇ ਸਹਿਯੋਗ ਨਾਲ ਇੱਕ ਅਚਨਚੇਤ ਰਾਤਰੀ ਅਪ੍ਰੇਸ਼ਨ ਚਲਾਇਆ। ਅਮਰੀਕੀ ਕਮਾਂਡੋ ਕਾਰਾਕਾਸ ਦੇ ਸਖ਼ਤ ਸੁਰੱਖਿਆ ਵਾਲੇ ਫੋਰਟ ਤਿਊਨਾ (ਢੋਰਟ ਠਿਨਓ) ਫੌਜੀ ਕੰਪਲੈਕਸ ਵਿਚ ਦਾਖਲ ਹੋਏ ਅਤੇ ਮਾਦੂਰੋ ਤੇ ਉਨ੍ਹਾਂ ਦੀ ਪਤਨੀ ਨੂੰ ਉਨ੍ਹਾਂ ਦੇ ਬੈਡਰੂਮ ਵਿਚੋਂ ਹਿਰਾਸਤ ਵਿਚ ਲੈ ਲਿਆ। ਇਹ ਪੂਰੀ ਕਾਰਵਾਈ 30 ਮਿੰਟ ਤੋਂ ਵੀ ਘੱਟ ਸਮੇਂ ਵਿਚ ਪੂਰੀ ਹੋ ਗਈ ਅਤੇ ਇਸ ਵਿਚ ਕਿਸੇ ਵੀ ਅਮਰੀਕੀ ਸੈਨਿਕ ਦਾ ਕੋਈ ਨੁਕਸਾਨ ਨਹੀਂ ਹੋਇਆ।

# ਭਾਜਪਾ ਉੱਤਰ ਪ੍ਰਦੇਸ਼ ਵਿੱਚ ਜਾਅਲੀ ਵੋਟਾਂ ਬਣਾ ਰਹੀ ਹੈ: ਅਖਿਲੇਸ਼ ਯਾਦਵ

ਲਖਨਊ: ਭਾਰਤੀ ਸੰਸਦ ਦੇ ਹੇਠਲੇ ਸਦਨ, ਲੋਕ ਸਭਾ ਦੇ ਸਮਾਜਵਾਦੀ ਪਾਰਟੀ ਮੈਂਬਰ, ਅਖਿਲੇਸ਼ ਯਾਦਵ ਨੇ ਹਿੰਦੂਤਵ ਭਾਰਤੀ ਜਨਤਾ ਪਾਰਟੀ ਦੀ ਸਖ਼ਤ ਆਲੋਚਨਾ ਕੀਤੀ ਹੈ ਅਤੇ ਕਿਹਾ ਹੈ ਕਿ ਇਹ ਉੱਤਰ ਪ੍ਰਦੇਸ਼ ਰਾਜ ਵਿੱਚ ਜਾਅਲੀ ਵੋਟਾਂ ਬਣਾ ਰਹੀ ਹੈ।

ਅਖਿਲੇਸ਼ ਯਾਦਵ ਨੇ ਲਖਨਊ ਵਿੱਚ ਮੀਡੀਆ ਨਾਲ ਗੱਲਬਾਤ ਕਰਦੇ ਹੋਏ, ਉੱਤਰ ਪ੍ਰਦੇਸ਼ ਵਿੱਚ ਵਿਸ਼ੇਸ਼ ਵਿਆਪਕ ਸਮੀਖਿਆ ਦੌਰਾਨ ਡਰਾਫਟ ਵੋਟਰ ਸੂਚੀ ਵਿੱਚੋਂ 2 ਕਰੋੜ 89 ਲੱਖ ਵੋਟਰਾਂ ਦੇ ਨਾਮ ਬਾਹਰ ਕੱਢਣ ਲਈ ਭਾਜਪਾ ਦੀ ਸਖ਼ਤ ਆਲੋਚਨਾ ਕੀਤੀ।ਉਨ੍ਹਾਂ ਲੋਕਾਂ ਨੂੰ ਸਬੰਧਤ ਮੰਚ 'ਤੇ ਜਾਣ ਅਤੇ ਡਰਾਫਟ ਵੋਟਰ ਸੂਚੀ ਵਿੱਚ ਆਪਣੀਆਂ ਵੋਟਾਂ ਦੀ ਜਾਂਚ ਕਰਨ ਲਈ ਕਿਹਾ, ਲੋਕਾਂ ਨੂੰ ਆਪਣੀ ਵੋਟ ਦੀ ਰੱਖਿਆ ਕਰਨੀ ਚਾਹੀਦੀ ਹੈ ਅਤੇ ਭਾਜਪਾ ਦੇ ਝੂਠੇ ਬਿਆਨ ਦਾ ਸ਼ਿਕਾਰ ਨਹੀਂ ਹੋਣਾ ਚਾਹੀਦਾ।ਅਖਿਲੇਸ਼ ਯਾਦਵ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਭਾਜਪਾ ਆਗੂ ਖੁਦ ਵੋਟਰ ਸੂਚੀ ਦੇ ਵਿਸ਼ੇਸ਼ ਵਿਆਪਕ ਸੋਧ ਨੂੰ ਲੈ ਕੇ ਚਿੰਤਤ ਹਨ ਅਤੇ ਵੋਟਰਾਂ ਦੀ ਗਿਣਤੀ ਵਧਾਉਣ ਲਈ ਪ੍ਰਸ਼ਾਸਨਿਕ ਅਧਿਕਾਰੀਆਂ 'ਤੇ ਦਬਾਅ ਪਾਇਆ ਜਾ ਰਿਹਾ ਹੈ।

Our Package Starts from
$50 per month
ਪੰਜਾਬ ਗਾਰਡੀਅਨ
Call to Advertise
604.590.5200

# ਬੰਗਲਾਦੇਸ਼ ’ਚ ਵਿਧਵਾ ਹਿੰਦੂ ਔਰਤ ਨਾਲ ਸਮੂਹਕ ਜਬਰ ਜਨਾਹ

ਢਾਕਾ:ਬੰਗਲਾਦੇਸ਼ ’ਚ ਹਿੰਦੂਆਂ ਵਿਰੁਧ ਅਪਰਾਧ ਰੁਕਣ ਦਾ ਨਾਂ ਨਹੀਂ ਲੈ ਰਹੇ।ਤਾਜ਼ਾ ਘਟਨਾ ਜੀਨਾਦਾ ਜ਼ਿਲ੍ਹੇ ਦੇ ਕਾਲੀਗੰਜ ਇਲਾਕੇ ਦਾ ਹੈ ਜਿੱਥੇ 44 ਸਾਲ ਦੀ ਕਥਿਤ ਤੌਰ ’ਤੇ ਇਕ ਵਿਧਵਾ ਹਿੰਦੂ ਔਰਤ ਨਾਲ ਜਬਰ ਜਨਾਹ ਕੀਤਾ ਗਿਆ ਅਤੇ ਫਿਰ ਉਸ ਨਾਲ ਦਰਖ਼ਤ ਨਾਲ ਬੰਨ੍ਹ ਕੇ ਕੁੱਟਮਾਰ ਕੀਤੀ ਗਈ। ਪੁਲਿਸ ਨੇ ਇਸ ਮਾਮਲੇ ਵਿਚ ਇਕ ਮੁਲਜ਼ਮ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਬਾਕੀਆਂ ਦੀ ਭਾਲ ਜਾਰੀ ਹੈ।ਪੀੜਤਾ ਨੇ 5 ਜਨਵਰੀ ਨੂੰ ਕਾਲੀਗੰਜ ਪੁਲਿਸ ਸਟੇਸ਼ਨ ਵਿਚ ਚਾਰ ਵਿਅਕਤੀਆਂ ਵਿਰੁਧ ਮਾਮਲਾ ਦਰਜ ਕਰਵਾਇਆ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦਾ ਨਾਂ ਹਸਨ (45) ਹੈ। ਇਹ ਵੀ ਦੋਸ਼ ਲਗਾਇਆ ਗਿਆ ਹੈ ਕਿ ਔਰਤ ਦੇ ਵਾਲ ਕੱਟ ਦਿਤੇ ਗਏ ਅਤੇ ਘਟਨਾ ਦਾ ਮੋਬਾਈਲ ਫ਼ੋਨ ਉਤੇ ਵੀਡੀਉ ਬਣਾਇਆ ਗਿਆ।ਸਥਾਨਕ ਲੋਕਾਂ ਅਨੁਸਾਰ ਪੀੜਤਾ ਨੇ ਪਿੰਡ ਵਿਚ ਦੋ ਸਾਲ ਪਹਿਲਾਂ ਮੁਲਜ਼ਮ ਦੇ ਭਰਾ ਤੋਂ ਇਕ ਮਕਾਨ ਖ਼ਰੀਦਿਆ ਸੀ ਉਸ ਵੇਲੇ ਤੋਂ ਸਹੀ ਸ਼ਾਹੀਨ ਉਸ ਨੂੰ ਪ੍ਰੇਸ਼ਾਨ ਕਰਦਾ ਆ ਰਿਹਾ ਸੀ।

## ‘ਸਰ, ਕੀ ਮੈਂ ਤੁਹਾਨੂੰ ਮਿਲ ਸਕਦਾ ਹਾਂ’

# ਟਰੰਪ ਨੇ ਮੋਦੀ ਦਾ ਮਜ਼ਾਕ ਉਡਾਇਆ






ਵਾਸ਼ਿੰਗਟਨ: ਸੰਯੁਕਤ ਰਾਜ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਦਾ ਜ਼ਿਕਰ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਮੋਦੀ ਨੇ ਉਨ੍ਹਾਂ ਨੂੰ ਮਿਲਣ ਦੀ ਇਜਾਜ਼ਤ ਮੰਗੀ ਸੀ, ਕਿਉਂਕਿ ਉਨ੍ਹਾਂ ਨੇ ਹਾਊਸ ਰਿਪਬਲਿਕਨ ਮੈਂਬਰ ਰਿਟਰੀਟ ਵਿੱਚ ਟਿੱਪਣੀ ਦੌਰਾਨ ਮੋਦੀ ਦਾ ਮਜ਼ਾਕ ਉਡਾਇਆ ਸੀ।"ਪ੍ਰਧਾਨ ਮੰਤਰੀ ਮੋਦੀ ਮੈਨੂੰ ਮਿਲਣ ਆਏ ਸਨ, 'ਸਰ, ਕੀ ਮੈਂ ਤੁਹਾਨੂੰ ਮਿਲ ਸਕਦਾ ਹਾਂ'। ਹਾਂ," ਟਰੰਪ ਨੇ ਭਾਰਤ ਨਾਲ ਰੱਖਿਆ ਵਿਕਰੀ ਅਤੇ ਵਪਾਰਕ ਸਬੰਧਾਂ ਬਾਰੇ ਬੋਲਦੇ ਹੋਏ ਕਿਹਾ।ਟਰੰਪ ਨੇ ਕਿਹਾ ਕਿ ਭਾਰਤ ਅਮਰੀਕਾ ਵਿੱਚ ਬਣੇ ਅਪਾਚੇ ਅਟੈਕ ਹੈਲੀਕਾਪਟਰਾਂ ਦੀ ਪੰਜ ਸਾਲਾਂ ਤੋਂ ਉਡੀਕ ਕਰ ਰਿਹਾ ਹੈ ਅਤੇ ਉਨ੍ਹਾਂ ਵਿੱਚੋਂ 68 ਦਾ ਆਰਡਰ ਦਿੱਤਾ ਸੀ। ਉਨ੍ਹਾਂ ਨੇ ਇਹ ਟਿੱਪਣੀਆਂ ਰੱਖਿਆ ਮੰਗ ਅਤੇ ਵਪਾਰਕ ਲੀਵਰੇਜ ਬਾਰੇ ਚਰਚਾ ਕਰਦੇ ਹੋਏ ਕੀਤੀਆਂ।ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਮੋਦੀ "ਮੇਰੇ ਤੋਂ ਇੰਨੇ ਖੁਸ਼ ਨਹੀਂ ਹਨ" ਕਿਉਂਕਿ ਵਾਸ਼ਿੰਗਟਨ ਵੱਲੋਂ ਰੂਸੀ ਤੇਲ ਦੀ ਲਗਾਤਾਰ ਖਰੀਦਦਾਰੀ ਨੂੰ ਲੈ ਕੇ ਨਵੀਂ ਦਿੱਲੀ 'ਤੇ ਲਗਾਏ ਗਏ ਟੈਰਿਫ ਹਨ।"ਮੇਰਾ ਉਸ ਨਾਲ ਬਹੁਤ ਵਧੀਆ ਰਿਸ਼ਤਾ ਹੈ। ਉਹ ਮੇਰੇ ਨਾਲ ਖੁਸ਼ ਨਹੀਂ ਹੈ ਕਿਉਂਕਿ ਤੁਸੀਂ ਜਾਣਦੇ ਹੋ ਕਿ ਉਹ ਹੁਣ ਬਹੁਤ ਸਾਰੇ ਟੈਰਿਫ ਅਦਾ ਕਰ ਰਹੇ ਹਨ।

# ਟਰੰਪ ਵੱਲੋਂ ਇਕ ਵਾਰ ਫਿਰ ਭਾਰਤ ‘ਤੇ ਟੈਰਿਫ ਵਧਾਉਣ ਦੀ ਚਿਤਾਵਨੀ



ਵਾਸ਼ਿੰਗਟਨ- ਬੀਤੇ ਦਿਨੀਂ ਵੈਨੇਜ਼ੁਏਲਾ ‘ਤੇ ਕੀਤੀ ਏਅਰਸਟ੍ਰਾਈਕ ਮਗਰੋਂ ਜਿੱਥੇ ਅਮਰੀਕਾ ਦੀ ਕਈ ਦੇਸ਼ਾਂ ਵੱਲੋਂ ਨਿਖੇਧੀ ਕੀਤੀ ਜਾ ਰਹੀ ਹੈ, ਉੱਥੇ ਹੀ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਭਾਰਤ ਨੂੰ ਟੈਰਿਫ਼ ਵਧਾਉਣ ਦੀ ਚਿਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਭਾਰਤ ਨੇ ਰੂਸ ਤੋਂ ਤੇਲ ਖਰੀਦਣ ਦੇ ਮੁੱਦੇ ‘ਤੇ ਅਮਰੀਕਾ ਦਾ ਸਹਿਯੋਗ ਨਾ ਦਿੱਤਾ, ਤਾਂ ਉਹ ਭਾਰਤ ‘ਤੇ ਟੈਰਿਫ ਹੋਰ ਵਧਾ ਸਕਦੇ ਹਨ। ਵ੍ਹਾਈਟ ਹਾਊਸ ਦੁਆਰਾ ਜਾਰੀ ਇੱਕ ਆਡੀਓ ਵਿਚ ਟਰੰਪ ਨੇ ਕਿਹਾ ਕਿ ਉਹ ਭਾਰਤ ‘ਤੇ ਬਹੁਤ ਜਲਦੀ ਨਵੇਂ ਟੈਰਿਫ ਲਗਾ ਸਕਦੇ ਹਨ।ਆਪਣੀ ਇਸ ਚਿਤਾਵਨੀ ਦੇ ਬਾਵਜੂਦ ਟਰੰਪ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਾਰੀਫ਼ ਕਰਦਿਆਂ ਉਨ੍ਹਾਂ ਨੂੰ ਇੱਕ ਬਹੁਤ ਚੰਗਾ ਇਨਸਾਨ ਦੱਸਿਆ। ਟਰੰਪ ਨੇ ਦਾਅਵਾ ਕੀਤਾ ਕਿ ਮੋਦੀ ਜਾਣਦੇ ਸਨ ਕਿ ਮੈਂ ਭਾਰਤ ਦੁਆਰਾ ਰੂਸ ਤੋਂ ਤੇਲ ਖਰੀਦਣ ਕਾਰਨ ਖੁਸ਼ ਨਹੀਂ ਸੀ, ਅਤੇ ਉਹ ਮੈਨੂੰ ਖੁਸ਼ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਜ਼ਿਕਰਯੋਗ ਹੈ ਕਿ ਅਮਰੀਕਾ ਨੇ ਰੂਸ ਤੋਂ ਕੱਚਾ ਤੇਲ ਖਰੀਦਣ ਕਾਰਨ ਭਾਰਤ ‘ਤੇ ਪਹਿਲਾਂ ਹੀ 50 ਫ਼ੀਸਦੀ ਟੈਰਿਫ ਲਗਾਇਆ ਹੋਇਆ ਹੈ, ਜਿਸ ਵਿਚ 25 ਫ਼ੀਸਦੀ ਟੈਰਿਫ਼ ਪੇਨਾਲਟੀ ਵਜੋਂ ਲਾਇਆ ਗਿਆ ਹੈ। ਇਹ ਟੈਰਿਫ ਪਿਛਲੇ ਸਾਲਾਂ ਵਿਚ 10 ਫ਼ੀਸਦੀ ਤੋਂ ਵਧ ਕੇ 50 ਫ਼ੀਸਦੀ ਤੱਕ ਪਹੁੰਚ ਗਿਆ ਹੈ।ਅਮਰੀਕਾ ਵੱਲੋਂ ਲਗਾਈਆਂ ਗਈਆਂ ਵਪਾਰਕ ਪਾਬੰਦੀਆਂ ਅਤੇ ਟੈਰਿਫ ਕਾਰਨ ਭਾਰਤ ਦੇ ਨਿਰਯਾਤ ਵਿਚ ਵੱਡੀ ਕਮੀ ਆਈ ਹੈ। ਮਈ ਤੋਂ ਸਤੰਬਰ 2025 ਦੇ ਵਿਚਕਾਰ ਭਾਰਤ ਦਾ ਅਮਰੀਕਾ ਨੂੰ ਨਿਰਯਾਤ 37.5 ਫ਼ੀਸਦੀ ਘੱਟ ਕੇ 8.8 ਅਰਬ ਡਾਲਰ ਤੋਂ 5.5 ਅਰਬ ਡਾਲਰ ਰਹਿ ਗਿਆ ਹੈ।

# ਨਿਊਯਾਰਕ ਸਿਟੀ ਗੁਰਦੁਆਰੇ ਦੀਆਂ ਕੰਧਾਂ ‘ਤੇ ਨਫ਼ਰਤ ਭਰੀਆਂ ਗਰੈਫਿਟੀ ਪੇਂਟ ਕੀਤੀਆਂ

ਨਿਊਯਾਰਕ- ਅਣਪਛਾਤੇ ਵਿਅਕਤੀਆਂ ਨੇ ਨਿਊਯਾਰਕ ਦੇ ਕਵੀਨਜ਼ ਦੇ ਰਿਚਮੰਡ ਹਿਲਜ਼ ਖੇਤਰ ਵਿੱਚ ਸਥਿਤ ਇੱਕ ਸਿੱਖ ਸੱਭਿਆਚਾਰਕ ਕੇਂਦਰ ਅਤੇ ਗੁਰਦੁਆਰੇ ਦੀਆਂ ਕੰਧਾਂ ‘ਤੇ ਨਫ਼ਰਤ ਭਰੀਆਂ ਗ੍ਰੈਫਿਟੀ ਬਣਾਈਆਂ। ਭਾਈਚਾਰੇ ਦੇ ਮੈਂਬਰਾਂ ਨੇ ਇਸਨੂੰ ਨਫ਼ਰਤ ਅਪਰਾਧ ਕਿਹਾ ਅਤੇ ਸੁਰੱਖਿਆ ਚਿੰਤਾਵਾਂ ਜ਼ਾਹਰ ਕੀਤੀਆਂ। ਗੁਰਦੁਆਰਾ ਕਮੇਟੀ ਨੇ ਸਥਾਨਕ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਵਾਈ, ਅਤੇ ਨਿਊਯਾਰਕ ਪੁਲਿਸ ਵਿਭਾਗ ਇਸ ਘਟਨਾ ਦੀ ਜਾਂਚ ਕਰ ਰਿਹਾ ਹੈ।ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ, ਜਿਸ ਵਿੱਚ ਇੱਕ ਗੁਰਦੁਆਰਾ ਵੀ ਹੈ, ਪੰਜਾਬ ਐਵੇਨਿਊ ‘ਤੇ ਸਥਿਤ ਹੈ, ਜੋ ਕਿ ਨਿਊਯਾਰਕ ਦੇ “ਛੋਟੇ ਪੰਜਾਬ” ਵਜੋਂ ਜਾਣੇ ਜਾਂਦੇ ਖੇਤਰ ਵਿੱਚ ਹੈ। ਸੈਂਟਰ ਦੀਆਂ ਕੰਧਾਂ ‘ਤੇ “ਓਂ” ਅਤੇ “ਸ਼ੰਧ” ਸ਼ਬਦ ਸਪਰੇਅ-ਪੇਂਟ ਕੀਤੇ ਗਏ ਸਨ। ਇਹ ਸਪੱਸ਼ਟ ਨਹੀਂ ਹੈ ਕਿ ਇਹ ਘਟਨਾ ਕਦੋਂ ਵਾਪਰੀ। ਫੋਟੋਆਂ ਗ੍ਰੈਫਿਟੀ ਕੇਂਦਰ ਦੀਆਂ ਕੰਧਾਂ ‘ਤੇ ਪੇਂਟ ਕੀਤੀਆਂ ਗਈਆਂ ਹਨ।

ਪੁਲਿਸ ਰਿਪੋਰਟ ਦਰਜ ਕਰਨ ਤੋਂ ਇਲਾਵਾ, ਸ਼ਹਿਰ ਦੇ ਨਵੇਂ ਮੇਅਰ, ਜ਼ੋਹਰਾਨ ਮਮਦਾਨੀ ਦੇ ਦਫ਼ਤਰ ਨੂੰ ਇਸ ਘਟਨਾ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ। ਨਿਊਯਾਰਕ ਦੀ ਗਵਰਨਰ ਕੈਥੀ ਹੋਚੁਲ ਦੇ ਦਫ਼ਤਰ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ।

1999 ਵਿੱਚ ਗੁਰਦੁਆਰੇ ਦੇ ਨਿਰਮਾਣ ਤੋਂ ਬਾਅਦ ਇਹ ਪਹਿਲੀ ਵਾਰ ਹੋਇਆ ਹੈ ਜਦੋਂ ਇਸ ਵਿੱਚ ਅਜਿਹੀ ਘਟਨਾ ਵਾਪਰੀ ਹੈ। ਸਾਰੇ ਮੈਂਬਰ ਬਹੁਤ ਚਿੰਤਤ ਹਨ ਅਤੇ ਇਸ ਘਟਨਾ ਸੰਬੰਧੀ ਵਾਧੂ ਸਾਵਧਾਨੀਆਂ ਵਰਤ ਰਹੇ ਹਨ।ਕੇਂਦਰ ਦੇ ਉਸ ਪਾਸੇ ਕੋਈ ਸੀਸੀਟੀਵੀ ਕੈਮਰੇ ਨਹੀਂ ਸਨ, ਇਸ ਲਈ ਵਿਅਕਤੀਆਂ ਦੀ ਪਛਾਣ ਨਹੀਂ ਕਰ ਸਕੇ। ਕਮੇਟੀ ਨੇ ਪੁਲਿਸ ਵਿਭਾਗ ਨੂੰ ਬੇਨਤੀ ਕੀਤੀ ਹੈ ਕਿ ਉਹ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਕਰਨ ਲਈ ਨੇੜੇ ਰਹਿਣ ਵਾਲੇ ਸਥਾਨਕ ਨਿਵਾਸੀਆਂ ਦੇ ਸੀਸੀਟੀਵੀ ਫੁਟੇਜ ਦੀ ਜਾਂਚ ਕਰੇ। ਇਹ ਕੇਂਦਰ ਇੱਕ ਅਜਿਹੇ ਖੇਤਰ ਵਿੱਚ ਇੱਕ ਪ੍ਰਮੁੱਖ ਸਥਾਨ ‘ਤੇ ਹੈ ਜਿੱਥੇ ਬਹੁਤ ਸਾਰੇ ਪੰਜਾਬੀ ਕਾਰੋਬਾਰੀ ਅਤੇ ਸਿੱਖ ਨਿਵਾਸੀ ਰਹਿੰਦੇ ਹਨ।

# ਕਿਮ ਨੇ ਮਾਦੂਰੋ ਨੂੰ ‘ਖਾਸ ਦੋਸਤ’ ਦੱਸਦਿਆਂ ਟਰੰਪ ਨੂੰ ‘ਤੀਜੇ ਵਿਸ਼ਵ ਯੁੱਧ’ ਦੀ ਚਿਤਾਵਨੀ ਦਿੱਤੀ

ਵਾਸ਼ਿੰਗਟਨ- ਅਮਰੀਕਾ ਵੱਲੋਂ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਤੇ ਉਨ੍ਹਾਂ ਦੀ ਪਤਨੀ ਸਿਲਿਆ ਫਲੋਰਸ ਨੂੰ ਹਿਰਾਸਤ ਵਿਚ ਲਏ ਜਾਣ ਤੋਂ ਬਾਅਦ ਦੁਨੀਆਂ ਭਰ ‘ਚ ਹਲਚਲ ਤੇਜ਼ ਹੋ ਗਈ ਹੈ। ਹੁਣ ਇਸ ਲੜਾਈ ਵਿਚ ਉੱਤਰੀ ਕੋਰੀਆ ਦੇ ਤਾਨਾਸ਼ਾਹ ਕਿਮ ਜੋਂਗ ਉਨ ਨੇ ਵੀ ਐਂਟਰੀ ਕਰ ਲਈ ਹੈ। ਕਿਮ ਨੇ ਮਾਦੁਰੋ ਨੂੰ ਆਪਣਾ ‘ਖਾਸ ਦੋਸਤ’ ਦੱਸਦਿਆਂ ਅਮਰੀਕਾ ਨੂੰ ਤੀਜੇ ਵਿਸ਼ਵ ਯੁੱਧ ਦੀ ਚਿਤਾਵਨੀ ਦਿੱਤੀ ਹੈ।

ਉੱਤਰੀ ਕੋਰੀਆ ਦੇ ਸੁਪਰੀਮ ਲੀਡਰ ਕਿਮ ਜੋਂਗ ਉਨ ਨੇ ਡੋਨਾਲਡ ਟਰੰਪ ਅਤੇ ਅਮਰੀਕੀ ਲੀਡਰਸ਼ਿਪ ਨੂੰ ਸਖ਼ਤ ਲਹਿਜੇ ਵਿਚ ਕਿਹਾ ਹੈ ਕਿ ਮਾਦੁਰੋ ਵਿਰੁੱਧ ਇਹ ਕਾਰਵਾਈ ਦੁਨੀਆਂ ਨੂੰ ਤੀਜੇ ਵਿਸ਼ਵ ਯੁੱਧ ਵੱਲ ਲੈ ਜਾ ਸਕਦੀ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਅਮਰੀਕਾ ਤੁਰੰਤ ਮਾਦੁਰੋ ਦੀ ਮੌਜੂਦਾ ਸਥਿਤੀ ਨੂੰ ਜਨਤਕ ਕਰੇ ਤੇ ਉਨ੍ਹਾਂ ਨੂੰ ਬਿਨਾਂ ਕਿਸੇ ਦੇਰੀ ਦੇ ਰਿਹਾਅ ਕਰੇ। ਕਿਮ ਅਨੁਸਾਰ ਇਹ ਦਮਨਕਾਰੀ ਕਦਮ ਗੰਭੀਰ ਅੰਤਰਰਾਸ਼ਟਰੀ ਨਤੀਜੇ ਪੈਦਾ ਕਰ ਸਕਦਾ ਹੈ।ਰੂਸ ਨੇ ਵੀ ਅਮਰੀਕਾ ਦੀ ਇਸ ਕਾਰਵਾਈ ਨੂੰ ‘ਸਸ਼ਸਤਰ ਹਮਲਾ’ ਕਰਾਰ ਦਿੱਤਾ ਹੈ। ਰੂਸੀ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਅਮਰੀਕਾ ਦੇ ਤਰਕ ਪੂਰੀ ਤਰ੍ਹਾਂ ਬੇਬੁਨਿਆਦ ਹਨ ਅਤੇ ਇਹ ਸਿਰਫ਼ ਵੈਚਾਰਿਕ ਦੁਸ਼ਮਣੀ ਤੋਂ ਪ੍ਰੇਰਿਤ ਹਨ। ਰੂਸ ਨੇ ਸਾਰੇ ਪੱਖਾਂ ਨੂੰ ਗੱਲਬਾਤ ਰਾਹੀਂ ਮਸਲੇ ਦਾ ਹੱਲ ਕੱਢਣ ਦੀ ਅਪੀਲ ਕੀਤੀ ਹੈ।ਅਮਰੀਕੀ ਅਟਾਰਨੀ ਜਨਰਲ ਪਾਮ ਬੋਂਡੀ ਨੇ ਜਾਣਕਾਰੀ ਦਿੱਤੀ ਹੈ ਕਿ ਨਿਕੋਲਸ ਮਾਦੁਰੋ ਅਤੇ ਉਨ੍ਹਾਂ ਦੀ ਪਤਨੀ ‘ਤੇ ਨਿਊਯਾਰਕ ਦੀ ਅਦਾਲਤ ਵਿਚ ਕਈ ਗੰਭੀਰ ਇਲਜ਼ਾਮ ਤੈਅ ਕੀਤੇ ਗਏ ਹਨ।

# ਅਮਰੀਕੀ ਉਪ-ਰਾਸ਼ਟਰਪਤੀ ਦੇ ਓਹਾਇਓ ਸਥਿਤ ਨਿਵਾਸ ‘ਤੇ ਹਮਲਾ !ਸ਼ੱਕੀ ਹਮਲਾਵਰ ਗ੍ਰਿਫ਼ਤਾਰ

ਵਾਸ਼ਿੰਗਟਨ- ਅਮਰੀਕੀ ਉਪ-ਰਾਸ਼ਟਰਪਤੀ ਜੇਡੀ ਵੈਂਸ ਦੇ ਓਹਾਇਓ ਸਥਿਤ ਨਿਵਾਸ ‘ਤੇ ਦੇਰ ਰਾਤ ਹਮਲਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਸਿਨਸਿਨਾਟੀ ਦੇ ਈਸਟ ਵਾਲਨਟ ਹਿਲਸ ਇਲਾਕੇ ਵਿੱਚ ਸਥਿਤ ਉਨ੍ਹਾਂ ਦੇ ਘਰ ‘ਤੇ ਹੋਏ ਇਸ ਹਮਲੇ ਦੌਰਾਨ ਕਈ ਖਿੜਕੀਆਂ ਦੇ ਸ਼ੀਸ਼ੇ ਤੋੜ ਦਿੱਤੇ ਗਏ। ਇਸ ਘਟਨਾ ਤੋਂ ਬਾਅਦ ਸੀਕਰੇਟ ਸਰਵਿਸ ਅਤੇ ਸਥਾਨਕ ਪੁਲਿਸ ਨੇ ਤੁਰੰਤ ਮੋਰਚਾ ਸੰਭਾਲ ਲਿਆ ਹੈ।

ਰਾਹਤ ਦੀ ਗੱਲ ਇਹ ਰਹੀ ਕਿ ਘਟਨਾ ਦੇ ਸਮੇਂ ਉਪ-ਰਾਸ਼ਟਰਪਤੀ ਵੈਂਸ ਅਤੇ ਉਨ੍ਹਾਂ ਦਾ ਪਰਿਵਾਰ ਘਰ ਵਿਚ ਮੌਜੂਦ ਨਹੀਂ ਸੀ। ਅਧਿਕਾਰੀਆਂ ਦੀ ਸ਼ੁਰੂਆਤੀ ਜਾਂਚ ਮੁਤਾਬਕ ਕੋਈ ਵੀ ਵਿਅਕਤੀ ਘਰ ਦੇ ਅੰਦਰ ਦਾਖਲ ਹੋਣ ਵਿਚ ਸਫਲ ਨਹੀਂ ਹੋ ਸਕਿਆ। ਦੱਸਿਆ ਜਾ ਰਿਹਾ ਹੈ ਕਿ ਜੇਡੀ ਵੈਂਸ ਉਸ ਸਮੇਂ ਸਿਨਸਿਨਾਟੀ ਵਿਚ ਹੀ ਸਨ ਪਰ ਉਹ ਇੱਕ ਸੁਰੱਖਿਅਤ ਵੀਡੀਓ ਕਾਨਫਰੰਸ ਰਾਹੀਂ ਵੈਨੇਜ਼ੁਏਲਾ ਵਿਚ ਚੱਲ ਰਹੇ ਅਮਰੀਕੀ ਆਪ੍ਰੇਸ਼ਨ ਦੀ ਨਿਗਰਾਨੀ ਕਰ ਰਹੇ ਸਨ।ਇਸ ਸਬੰਧੀ ਪੁਲਿਸ ਨੇ ਕਾਰਵਾਈ ਕਰਦੇ ਹੋਏ ਇੱਕ ਸ਼ੱਕੀ ਵਿਅਕਤੀ ਨੂੰ ਹਿਰਾਸਤ ਵਿਚ ਲਿਆ ਹੈ, ਹਾਲਾਂਕਿ ਅਜੇ ਤੱਕ ਉਸ ‘ਤੇ ਲਗਾਏ ਗਏ ਦੋਸ਼ਾਂ ਦੀ ਰਸਮੀ ਪੁਸ਼ਟੀ ਨਹੀਂ ਕੀਤੀ ਗਈ। ਸਥਾਨਕ ਪੁਲਿਸ ਅਤੇ ਸੀਕਰੇਟ ਸਰਵਿਸ ਦੇ ਕਰਮਚਾਰੀ ਘਰ ਦੇ ਅੰਦਰ ਜਾਂਚ ਕਰਦੇ ਦੇਖੇ ਗਏ ਹਨ। ਇਹ ਘਟਨਾ ਅਜਿਹੇ ਸਮੇਂ ਵਾਪਰੀ ਹੈ, ਜਦੋਂ ਪਹਿਲਾਂ ਹੀ ਨਵੇਂ ਸਾਲ ਦੇ ਮੌਕੇ ‘ਤੇ ਇਲਾਕੇ ਵਿਚ ਸੁਰੱਖਿਆ ਵਧਾਈ ਗਈ ਸੀ ਅਤੇ ਵਾਂਸ ਦੇ ਘਰ ਦੇ ਆਲੇ-ਦੁਆਲੇ ਦੀਆਂ ਸੜਕਾਂ ‘ਤੇ ਚੈੱਕ ਪੁਆਇੰਟ ਬਣਾਏ ਗਏ ਸਨ। ਵੈਂਸ ਦੇ ਦਫ਼ਤਰ ਨੇ ਇੱਕ ਬਿਆਨ ਵਿਚ ਕਿਹਾ ਹੈ ਕਿ ਵਧਦੀਆਂ ਸੁਰੱਖਿਆ ਚਿੰਤਾਵਾਂ ਕਾਰਨ ਪ੍ਰਸ਼ਾਸਨ ਨੇ ਰਾਸ਼ਟਰਪਤੀ ਅਤੇ ਉਪ-ਰਾਸ਼ਟਰਪਤੀ ਦੇ ਇਕੱਠੇ ਰਹਿਣ ਦੇ ਸਮੇਂ ਨੂੰ ਸੀਮਤ ਕਰਨ ਦੀ ਕੋਸ਼ਿਸ਼ ਕੀਤੀ ਹੈ।

ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ
ਪਾਉਣ ਲਈ ਫੋਨ ਕਰੋ 604-590-5200

Trusted Name in Real Estate
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL
REAL ESTATE BROKER
Cell:425-314-2111
Email:garyd@windermere.com
garydhaliwal.withwre.com
Windermere REAL ESTATE
801 State Ave,
Marrysville, Wa 98270

HOUSE FOR SALE
12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA
REAL ESTATE BROKER
Cell:425-210-8985
Email:m.sangha@windermere.com
m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

# ਪੰਜਾਬੀ ਲਿਖਾਰੀ ਸਭਾ ਸਿਆਟਲ (ਰਜਿ:) ਵੱਲੋਂ ਗੁਰਚਰਨ ਸਿੰਘ ਢਿੱਲੋਂ ਦਾ ਸਨਮਾਨ



ਕੈਂਟ (ਸਿਆਟਲ):-ਪੰਜਾਬੀ ਲਿਖਾਰੀ ਸਭਾ ਸਿਆਟਲ (ਰਜਿ.) ਵਲੋਂ ਗੋਲਡਨ ਕਰੀ ਕੈਂਟ ਦੇ ਹਾਲ ਵਿੱਚ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ਜਿਸ ਵਿਚ ਇੱਕ ਸੌ ਤੋਂ ਵੀ ਵੱਧ ਸਾਹਿਤ ਪ੍ਰੇਮੀਆਂ ਦੇ ਭਰਵੇਂ ਇਕੱਠ ਵਿੱਚ ਅੰਤਰਰਾਸ਼ਟਰੀ ਕੋਚ ਗੁਰਚਰਨ ਸਿੰਘ ਢਿੱਲੋਂ ਅਤੇ ਉਹਨਾਂ ਦੀ ਧਰਮ ਪਤਨੀ ਇੰਦਰਜੀਤ ਕੌਰ ਢਿੱਲੋਂ ਨੂੰ ਉਹਨਾਂ ਦੀਆਂ ਸਿਆਟਲ ਦੇ ਪੰਜਾਬੀ ਭਾਈਚਾਰੇ ਨੂੰ ਦਿੱਤੀਆਂ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ।"ਖੇਡ ਸੰਸਾਰ" ਮੈਗਜ਼ੀਨ ਦੇ ਸੰਪਾਦਕ ਸੰਤੋਖ ਸਿੰਘ ਮੰਡੇਰ ਦਾ ਵੀ ਸਨਮਾਨ ਕੀਤਾ ਗਿਆ ਅਤੇ ਖੇਡ ਸੰਸਾਰ ਮੈਗਜ਼ੀਨ ਦਾ ਸਿਆਟਲ ਬਾਰੇ ਵਿਸ਼ੇਸ਼ ਅੰਕ ਲੋਕ ਅਰਪਣ ਕੀਤਾ ਗਿਆ। ਪਿੰਡ ਸੁਰ ਸਿੰਘ ਦੇ ਵਾਸੀ (ਅੱਜ ਕੱਲ ਸਿਆਟਲ ਨਿਵਾਸੀ) ਗੁਰਚਰਨ ਸਿੰਘ ਢਿੱਲੋਂ ਕੁਸ਼ਤੀ ਦੇ ਅੰਤਰਰਾਸ਼ਟਰੀ ਕੋਚ ਅਤੇ ਰੈਫਰੀ ਰਹਿ ਚੁਕੇ ਹਨ। ਉਹ ਅਮਰੀਕਾ ਤੋਂ "ਰੋਜ਼ਾਨਾ ਅਜੀਤ" ਅਖਬਾਰ ਦੇ ਪੱਤਰਕਾਰ ਵੀ ਹਨ। ਉਹ ਪੰਜਾਬੀ ਦੀਆਂ ਅਖਬਾਰਾਂ ਵਿਚ ਸਿਹਤ ਅਤੇ ਖੇਡਾਂ ਸਬੰਧੀ ਜਾਣਕਾਰੀ ਭਰਪੂਰ ਲੇਖ ਲਿਖਦੇ ਰਹਿੰਦੇ ਹਨ। ਉਹ ਪਿਛਲੇ ਪੱਚੀ ਸਾਲ ਤੋਂ ਸਿਆਟਲ ਵਿਚ ਖੇਡਾਂ ਅਤੇ ਸਮਾਜ ਸੇਵਾ ਦੇ ਕੰਮਾਂ ਵਿਚ ਕਾਫੀ ਯੋਗਦਾਨ ਪਾ ਰਹੇ ਹਨ । ਉਹ ਪਿਛਲੇ ਪੰਦਰਾਂ ਸਾਲ ਤੋਂ ਭਾਈਚਾਰੇ ਦੇ ਸਹਿਯੋਗ ਨਾਲ ਬੱਚਿਆਂ ਲਈ ਮੁਫ਼ਤ ਖੇਡ ਕੈਂਪ ਦਾ ਪ੍ਰਬੰਧ ਕਰਦੇ ਹਨ ਜਿਸ ਵਿਚ ਬੱਚਿਆਂ ਨੂੰ ਖੇਡਾਂ ਦਾ ਅਭਿਆਸ ਪੰਜਾਬੀ ਵਿਚ ਕਰਵਾਇਆ ਜਾਂਦਾ ਹੈ ਅਤੇ ਕੈਂਪ ਵਿਚ ਬੱਚਿਆਂ ਨੂੰ ਪੰਜਾਬੀ ਬੋਲਣ ਲਈ ਪ੍ਰੇਰਤ ਕੀਤਾ ਜਾਂਦਾ ਹੈ।

ਸਭਾ ਦੇ ਉੱਪ ਪ੍ਰਧਾਨ ਬਲਬੀਰ ਸਿੰਘ ਲਹਿਰਾ ਨੇ ਮਿੱਤਰ ਪਿਆਰੇ ਨੂੰ ਹਾਲ ਮੁਰੀਦਾਂ ਦਾ ਕਹਿਣਾ ਅਤੇ ਗੀਤ ਆਉਂਦੀਆਂ ਨੇ ਯਾਦ ਜਦੋਂ ਗੱਲਾਂ ਉਹ ਪੁਰਾਣੀਆਂ ਨਾਲ ਮਾਹੌਲ ਬੰਨ੍ਹ ਦਿੱਤਾ।ਗੁਰਦੀਪ ਸਿੰਘ ਸਿੱਧੂ ਨੇ ਪੰਜਾਬੀ ਲਿਖਾਰੀ ਸਭਾ ਸਿਆਟਲ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਲੇਖਕਾਂ ਦੀ ਸਮਾਜ ਨੂੰ ਦੇਣ ਦਾ ਜਿਕਰ ਕੀਤਾ। ਸਭਾ ਦੇ ਸਾਬਕਾ ਪ੍ਰਧਾਨ ਬਲਿਹਾਰ ਸਿੰਘ ਲੇਹਲ ਨੇ ਪਿੰਡ ਸੁਰ ਸਿੰਘ ਬਾਰੇ ਗੱਲ ਬਾਤ ਕਰਦਿਆਂ ਇਸ ਪਿੰਡ ਦੀ ਗਦਰ ਪਾਰਟੀ ਨੂੰ ਦੇਣ , ਅਰਜਣ ਅਵਾਰਡੀ ਪਹਿਲਵਾਨ ਕਰਤਾਰ ਸਿੰਘ ਢਿਲੋਂ (ਸਾਬਕਾ ਆਈ ਜੀ ਪੰਜਾਬ ਪੁਲਿਸ) ਅਤੇ ਪ੍ਰਸਿੱਧ ਕਹਾਣੀਕਾਰ ਵਰਿਆਮ ਸਿੰਘ ਸੰਧੂ ਦਾ ਜਿਕਰ ਕੀਤਾ। ਸਿਆਟਲ ਦੇ ਉਘੇ ਕਾਰਬੋਰੀ ਅਤੇ ਸਮਾਜ ਸੇਵਕ ਦਿਆਬੀਰ ਸਿੰਘ (ਪਿੰਟੂ ਬਾਠ), ਧਰਮ ਸਿੰਘ ਮੈਰੀਪੁਰ, ਮਨਮੋਹਨ ਸਿੰਘ ਧਾਲੀਵਾਲ, ਬਲਜੀਤ ਸਿੰਘ ਸੋਹਲ (ਪ੍ਰਧਾਨ), ਹਰਦੇਵ ਸਿੰਘ ਜੱਜ ਅਤੇ ਕੁਲਵੰਤ ਸਿੰਘ ਮਿਨਹਾਸ ਵਲੋਂ ਗੁਰਚਰਨ ਸਿੰਘ ਢਿੱਲੋਂ ਦੇ ਕੀਤੇ ਕੰਮਾਂ ਦੀ ਅਤੇ ਲਿਖਾਰੀ ਸਭਾ ਦੇ ਇਸ ਉਦਮ ਦੀ ਸ਼ਲਾਘਾ ਕੀਤੀ ਗਈ।ਮਲਕੀਤ ਸਿੰਘ ਗਿੱਲ (ਸਹਾਇਕ ਸਕੱਤਰ) ਵਲੋਂ ਢਿਲੋਂ ਸਾਹਿਬ ਦੀ ਚੰਗੀ ਸਿਹਤ ਦੀ ਕਾਮਨਾ ਕਵਿਤਾ ਰਾਹੀਂ ਕੀਤੀ। ਹਰਕੀਰਤ ਕੌਰ (ਉੱਪ ਪ੍ਰਧਾਨ), ਜੰਗਪਾਲ ਸਿੰਘ ਕੋਟਕਪੂਰਾ (ਸਲਾਹਕਾਰ), ਰਿਟਾਇਰ ਪ੍ਰਿੰਸੀਪਲ ਹਰਮੀਤ ਕੌਰ ਮਲਸੀਆਂ , ਰਣਜੀਤ ਸਿੰਘ ਮੱਲੀ (ਸਹਾਇਕ ਸਕੱਤਰ), ਕੰਵਲਜੀਤ ਸਿੰਘ ਬਤਰਾ, ਜਗੀਰ ਸਿੰਘ (ਸਕੱਤਰ), ਪਰਮਿੰਦਰ ਸਿੰਘ ਟਿਵਾਣਾ, ਅਮਨਜੋਤ ਸਿੰਘ ਭੰਗੂ, ਗਾਇਕ ਸੁਰਜੀਤ ਸਿੰਘ ਬੈਂਸ, ਗਾਇਕ ਦਵਿੰਦਰ ਸਿੰਘ ਹੀਰਾ, ਸਕੱਤਰ ਸਿੰਘ ਸੰਧੂ (ਰਿਐਲਟਰ), ਡਾ. ਸੁੱਚਾ ਸਿੰਘ ਗਿੱਲ (ਸਲਾਹਕਾਰ), ਕੰਵਲਜੀਤ ਕੌਰ ਗਿੱਲ ਅਤੇ ਗੁਰਮੁਖ ਸਿੰਘ ਮਲਸੀਆਂ ਨੇ ਗੀਤਾਂ, ਕਵਿਤਾਵਾਂ ਅਤੇ ਜਾਣਕਾਰੀ ਭਰਪੂਰ ਗੱਲਾਂ ਬਾਤਾਂ ਰਾਹੀਂ ਇਸ ਸਮਾਗਮ ਦੀ ਰੋਚਕਤਾ ਬਣਾਈ ਰੱਖੀ। "ਖੇਡ ਸੰਸਾਰ" ਦੇ ਸੰਪਾਦਕ ਅਤੇ ਅੰਤਰਰਾਸ਼ਟਰੀ ਖੇਡ ਫੋਟੋਗ੍ਰਾਫਰ ਸੰਤੋਖ ਸਿੰਘ ਮੰਡੇਰ ਨੇ ਖੇਡ ਸੰਸਾਰ ਮੈਗਜ਼ੀਨ ਅਤੇ ਢਿਲੋਂ ਸਾਹਿਬ ਬਾਰੇ ਜਾਣਕਾਰੀ ਸਾਂਝੀ ਕੀਤੀ।

ਸਿਆਟਲ ਦੀਆਂ ਮੁੱਖ ਸ਼ਖਸ਼ੀਅਤਾਂ ਅੰਮ੍ਰਿਤਪਾਲ ਸਿੰਘ ਸਹੋਤਾ, ਐਡਵੋਕੇਟ ਸੁਖਦਰਸ਼ਨ ਸਿੰਘ ਖਟੜਾ, ਲਾਲੀ ਸੰਧੂ, ਬਲਵੰਤ ਰਾਣਾ, ਬਲਬੀਰ ਸਿੰਘ, ਸੰਤੋਖ ਅਟਵਾਲ, ਜਸਵਿੰਦਰ ਸਿੰਘ ਭੁੱਲਰ, ਚਰਨਜੀਤ ਸਿੰਘ ਧਾਲੀਵਾਲ, ਮਲਕੀਤ ਸਿੰਘ ਝੱਲੀ, ਅਮਰਜੀਤ ਸਿੰਘ ਗਿੱਲ, ਜਗਤਾਰ ਸਿੰਘ ਸਰੋਏ, ਸੋਚ ਸੰਸਥਾ ਦੇ ਸੰਚਾਲਕ ਬਲਵੰਤ ਸਿੰਘ ਔਲਖ, ਗੁਰਮੇਲ ਸਿੰਘ (ਪ੍ਰਧਾਨ ਗੁਰਦੁਆਰਾ ਸਾਹਿਬ ਬੌਥਲ), ਸਰਬਜੀਤ ਸਿੰਘ ਝੱਲੀ, ਜਗਦੇਵ ਸਿੰਘ ਸੰਧੂ, ਜਗਰਾਜ ਸਿੰਘ ਕੋਚ, ਸਾਹਿਬ ਸਿੰਘ ਨਿੱਝਰ, ਅੰਮ੍ਰਿਤਪਾਲ ਸਿੰਘ ਢਿਲੋਂ, ਸ਼ਸ਼ੀ ਪਰਾਸ਼ਰ ਯੋਗਾ ਟੀਚਰ ਅਤੇ ਹੋਰ ਬੁਹਤ ਸਾਰੀਆਂ ਉਘੀਆਂ ਸ਼ਖਸ਼ੀਅਤਾਂ ਦੀ ਹਾਜ਼ਰੀ ਨੇ ਇਸ ਸਮਾਗਮ ਦੀ ਰੌਣਕ ਵਿੱਚ ਵਾਧਾ ਕੀਤਾ।

ਇਸ ਸਮਾਗਮ ਦੀ ਖਾਸ ਗੱਲ ਇਹ ਰਹੀ ਕੇ ਢਿੱਲੋਂ ਸਾਹਿਬ ਦਾ ਪੂਰਾ ਪਰਿਵਾਰ ਹਾਜ਼ਰ ਸੀ ਅਤੇ ਹੋਰ ਵੀ ਬੁਹਤ ਸਾਰੇ ਲੋਕ ਪਰਿਵਾਰਾਂ ਸਮੇਤ ਪੁਹੰਚੇ । ਸਿਆਟਲ ਦੀ ਉਘੀ ਸ਼ਖਸ਼ੀਅਤ ਸੁਰਿੰਦਰ ਸਿੰਘ ਗਿੱਲ ਵਲੋਂ ਫੋਟੋ ਖਿੱਚਣ ਦੀ ਸੇਵਾ ਨਿਭਾਈ ਗਈ।ਅਖੀਰ ਵਿੱਚ ਸਭਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਟਿਵਾਣਾ ਨੇ ਢਿੱਲੋਂ ਸਾਹਿਬ ਵਲੋਂ ਲਗਵਾਏ ਜਾਂਦੇ ਖੇਡ ਕੈਂਪ ਵਿੱਚ ਪੰਜਾਬੀ ਮਾਹੌਲ ਬਾਰੇ ਗੱਲ ਕੀਤੀ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਗੋਲਡਨ ਕਰੀ ਰੈਸਟੋਰੈਂਟ ਦੇ ਮਾਲਕ ਸਤਨਾਮ




ਸਿੰਘ ਨੇ ਆਏ ਹੋਏ ਮਹਿਮਾਨਾਂ ਦੀ ਚਾਹ ਪਾਣੀ ਨਾਲ ਸੇਵਾ ਕੀਤੀ ।

BADH & REJMINIAK LLP

ਅਸੀਂ ਪੰਜਾਬੀ/ਹਿੰਦੀ ਅਤੇ ਅੰਗਰੇਜੀ ਵਿਚ ਸੇਵਾਵਾਂ ਪ੍ਰਦਾਨ ਕਰਦੇ ਹਾਂ

Areas of Practice

We provide Legal Services in the following areas:

- Civil Litigation
- Immigration
- Family Law
- Business Law
- Real Estate Transactions
- Notarization & Certification

ਅਸੀਂ ਹੇਠ ਲਿਖੇ ਖੇਤਰਾਂ ਵਿਚ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਦੇ ਹਾਂ

- ਸਿਵਲ ਮੁਕੱਦਮਾ
- ਇੰਮੀਗ੍ਰੇਸ਼ਨ
- ਫੈਮਿਲੀ ਲਾਅ
- ਬਿਜਨਸ ਲਾਅ
- ਰੀਅਲ ਈਸਟੇਟ ਲੈਣ ਦੇਣ
- ਨੋਟਰੀ ਸੇਵਾਵਾਂ/ਫਾਰਮ ਤਸਦੀਕ ਕਰਨਾ






Ph: 604-503-3132

Fax:604-503-3133

Web:www.bnrlaw.ca

Gurpreet Badh, BSc, LLB

Barrister & Solicitor

#2006-7495, 132 St, Surrey, BC V3W 1J8

# ਸਰਦਾਰ ਦਵਿੰਦਰ ਸਿੰਘ ਸਹੋਤਾ ਦੀ ਅਗਵਾਈ ਹੇਠ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਜਥਾ ਜਾਵੇਗਾ ਪੰਜਾਬ

ਬੈਲਿੰਗਹੈਮ:-ਸਰਦਾਰ ਦੇਵਿੰਦਰ ਸਿੰਘ ਸਹੋਤਾ ਬੈਲਿੰਗਹੈਮ ਵਾਲਿਆਂ ਦੀ ਅਗਵਾਈ ਹੇਠ ਅਮਰੀਕਾ ਕੈਨੇਡਾ ਤੋਂ ਸੰਗਤੀ ਰੂਪ ਵਿੱਚ ਇੰਸਪੈਕਟਰ ਰਣਜੀਤ ਸਿੰਘ ਬਾਹਗਾ,ਬੀਬੀ ਭੁਪਿੰਦਰ ਕੌਰ ਸਹੋਤਾ,ਬੀਬੀ ਸੁਖਜੀਤ ਕੌਰ ਬਾਹਗਾ ਅਤੇ ਹੋਰ ਸੰਗਤਾਂ ਪੰਜਾਬ ਪਹੁੰਚ ਰਹੀਆਂ ਹਨ।ਪੰਜਾਬ ਤੋਂ ਜਥੇਦਾਰ ਅਜਮੇਰ ਸਿੰਘ,ਪ੍ਰਧਾਨ,ਰਾਜਿੰਦਰ ਸਿੰਘ ਲਾਲੀ ਪ੍ਰਧਾਨ , ਮਹਿੰਦਰ ਕੁਮਾਰ ਮਲਹੋਤਰਾ ਚੀਫ ਐਡੀਟਰ,ਸ.ਗੁਰਮੁਖ ਸਿੰਘ,ਪ੍ਰਧਾਨ,ਸ.ਨਰਿੰਦਰ ਸਿੰਘ ਲਾਡੀ,ਸੁਖਮਣੀ ਸਾਹਿਬ ਸੁਸਾਇਟੀ ਵੱਲੋਂ ਬੀਬੀਆਂ ਜਥੇ ਦੇ ਰੂਪ ਵਿੱਚ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ,ਬਾਬਾ ਬੁੱਢਾ ਜੀ ਦੀ ਬੇਰ,ਕਰਤਾਰਪੁਰ ਸਾਹਿਬ,ਸ੍ਰੀ ਅਨੰਦਪੁਰ ਸਾਹਿਬ, ਤਖਤ ਸ੍ਰੀ ਪਟਨਾ ਸਾਹਿਬ,ਤਖਤ ਸ੍ਰੀ ਦਮਦਮਾ ਸਾਹਿਬ ਅਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ।

ਸ.ਦਵਿੰਦਰ ਸਿੰਘ ਸਹੋਤਾ,ਇੰਪੈਕਟਰ ਰਣਜੀਤ ਸਿੰਘ ਬਾਹਗਾ, ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ,ਜਥੇਦਾਰ ਬਲਦੇਵ ਸਿੰਘ ਪਟਨਾ ਸਾਹਿਬ ਨੂੰ ਬੇਨਤੀ ਕੀਤੀ ਗਈ ਹੈ ਕਿ ਵਿਦੇਸ਼ਾਂ ਤੋਂ ਆਈਆਂ ਸੰਗਤਾਂ ਦੀ ਰਿਹਾਇਸ਼ ਦਾ ਪਹਿਲ ਦੇ ਅਧਾਰ ਦੇ ਪ੍ਰਬੰਧ ਕੀਤਾ ਜਾਵੇ।ਇਸ ਜਥੇ ਨੂੰ ਤਨ ਮਨ ਧਨ ਨਾਲ ਸਹਿਯੋਗ ਦੇ ਰਹੇ ਹਨ ਸ.ਕੁਲਵਿੰਦਰ ਸਿੰਘ,ਸ.ਗੁਰਦਿਆਲ ਸਿੰਘ ਮੱਟੂ,ਸ.ਕ੍ਰਿਪਾਲ ਸਿੰਘ ਸਹੋਤਾ,ਭੁਪਿੰਦਰ ਸਿੰਘ ਬੈਂਸ,ਸ. ਮਨਜੀਤ ਸਿੰਘ ਔਲਖ,ਮਨਿੰਦਰ ਸਿੰਘ ਬਾਹਗਾ,ਸ. ਕੇਵਲ ਸਿੰਘ ਦੁਲੇਅ,ਸ.ਚਤਰ ਸਿੰਘ,ਸ.ਮਨਿੰਦਰ ਸਿੰਘ ਸਿਆਟਲ,ਸ.ਅਵਤਾਰ ਸਿੰਘ ਜੇਈ ਅਤੇ ਹੋਰ ਸੰਗਤਾਂ ਸਹਿਯੋਗ ਦੇ ਰਹੀਆਂ ਹਨ।



# 7 ਮਿਲੀਅਨ ਦੀ ਕੋਕੀਨ ਸਣੇ 2 ਪੰਜਾਬੀ ਡਰਾਈਵਰ ਕਾਬੂ



ਇੰਡੀਆਨਾਪੋਲਸ: ਅਮਰੀਕਾ ਵਿਚ 2 ਪੰਜਾਬੀ ਟਰੱਕ ਡਰਾਈਵਰਾਂ ਨੂੰ 70 ਲੱਖ ਡਾਲਰ ਮੁੱਲ ਦੀ ਕੋਕੀਨ ਸਣੇ ਕਾਬੂ ਕੀਤਾ ਗਿਆ ਹੈ ਜਿਨ੍ਹਾਂ ਦੀ ਸ਼ਨਾਖ਼ਤ 25 ਸਾਲਾ ਗੁਰਪ੍ਰੀਤ ਸਿੰਘ ਅਤੇ 30 ਸਾਲਾ ਜਸਵੀਰ ਸਿੰਘ ਵਜੋਂ ਕੀਤੀ ਗਈ ਹੈ ਅਤੇ ਇੰਮੀਗ੍ਰੇਸ਼ਨ ਵਾਲਿਆਂ ਨੇ ਨਾਲੋ-ਨਾਲ ਡਿਪੋਰਟ ਕਰਨ ਦਾ ਐਲਾਨ ਕਰ ਦਿੱਤਾ ਹੈ।

ਇੰਡਿਆਨਾ ਸਟੇਟ ਪੁਲਿਸ ਨੇ ਦੱਸਿਆ ਕਿ ਇੰਟਰਸਟੇਟ 70 'ਤੇ ਰੂਟੀਨ ਚੈਕਿੰਗ ਦੌਰਾਨ ਇੱਕ ਟ੍ਰੈਕਟਰ-ਟ੍ਰੇਲਰ ਨੂੰ ਰੋਕਿਆ ਗਿਆ ਅਤੇ ਡਰਾਈਵਰ ਨਾਲ ਗੱਲਬਾਤ ਕਰ ਰਹੇ ਅਫ਼ਸਰਾਂ ਨੂੰ ਉਹ ਘਬਰਾਹਟ ਵਿਚ ਲੱਗੇ।ਸੂਹੀਆ ਕੁੱਤਿਆਂ ਨੇ ਕੁਝ ਹੀ ਪਲਾਂ ਵਿਚ ਸੁੰਘ ਕੇ ਦੱਸ ਦਿਤਾ ਕਿ ਟਰੱਕ ਵਿਚ ਨਸ਼ੀਲੇ ਪਦਾਰਥ ਮੌਜੂਦ ਹਨ। ਟਰੱਕ ਦੀ ਡੂੰਘਾਈ ਨਾਲ ਤਲਾਸ਼ੀ ਦੌਰਾਨ 309 ਪਾਊਂਡ ਕੋਕੀਨ ਬਰਾਮਦ ਕੀਤੀ ਗਈ ਜਿਸ ਦੀ ਅੰਦਾਜ਼ਨ ਕੀਮਤ 7 ਮਿਲੀਅਨ ਡਾਲਰ ਬਣਦੀ ਹੈ।

ਟਰੱਕ ਵਿਚ ਸਵਾਰ ਕੈਲੇਫੋਰਨੀਆ ਦੇ ਫ਼ਰਿਜ਼ਨੋ ਨਾਲ ਸਬੰਧਤ ਗੁਰਪ੍ਰੀਤ ਸਿੰਘ ਅਤੇ ਸੈਂਟਾ ਕਲਾਰਾ ਨਾਲ ਸਬੰਧਤ ਜਸਵੀਰ ਸਿੰਘ ਨੂੰ ਹਥਕੜੀਆਂ ਲਾ ਕੇ ਪਟਨਮ ਕਾਊਂਟੀ ਜੇਲ ਵਿਚ ਡੱਕ ਦਿਤਾ ਗਿਆ।

ਪ੍ਰਾਪਤ ਜਾਣਕਾਰੀ ਮੁਤਾਬਕ ਗੁਰਪ੍ਰੀਤ ਸਿੰਘ ਅਤੇ ਜਸਵੀਰ ਸਿੰਘ ਨੂੰ ਡਿਪੋਰਟ ਕੀਤਾ ਜਾ ਸਕਦਾ ਹੈ। ਦੱਸ ਦੇਈਏ ਕਿ 2 ਪੰਜਾਬੀ ਟਰੱਕ ਡਰਾਈਵਰਾਂ ਦੀ ਗ੍ਰਿਫ਼ਤਾਰੀ ਅਜਿਹੇ ਸਮੇਂ ਹੋਈ ਹੈ।ਜਦੋਂ ਇੰਮੀਗ੍ਰੇਨਿ ਸਟੇਟਸ ਪੱਖੋਂ ਅਮਰੀਕਾ ਵਿਚ ਕੱਚੇ ਪੰਜਾਬੀਆਂ ਨੂੰ ਟਰੱਕ ਡਰਾਈਵਿਗ ਦੇ ਕਿੱਤੇ ਤੋਂ ਦੂਰ ਕਰ ਦਿੱਤਾ ਗਿਆ ਹੈ ਅਤੇ ਕਿਸੇ ਵੇਲੇ ਅਮਰੀਕਾ ਤੋਂ ਕੈਨੇਡਾ ਤੱਕ ਗੇੜੇ ਲਾਉਣ ਵਾਲੇ ਡਰਾਈਵਰ ਹੁਣ ਸਿਰਫ਼ ਕੈਲੇਫੋਰਨੀਆ ਵਰਗੇ ਰਾਜਾਂ ਵਿੱਚ ਟਰੱਕ ਚਲਾਉਣ ਲਈ ਮਜਬੂਰ ਹੋ ਚੁੱਕੇ ਹਨ।

# ਅਮਰੀਕਾ 'ਚ ਭਾਰਤੀ ਪ੍ਰੇਮਿਕਾ ਦਾ ਕਤਲ ਕਰ ਪ੍ਰੇਮੀ ਭਾਰਤ ਹੋਇਆ ਫਰਾਰ



ਲਾਸ ਵੇਗਾਸ- ਅਮਰੀਕਾ ਦੇ ਮੈਰੀਲੈਂਡ ਸੂਬੇ ਤੋਂ ਇੱਕ ਮੰਦਭਾਗੀ ਖਬਰ ਸਾਹਮਣੇ ਆਈ ਹੈ, ਜਿੱਥੇ ਪਿਛਲੇ ਹਫ਼ਤੇ ਤੋਂ ਲਾਪਤਾ 27 ਸਾਲਾ ਭਾਰਤੀ ਮੂਲ ਦੀ ਕੁੜੀ ਦੀ ਲਾਸ਼ ਬਰਾਮਦ ਹੋਈ ਹੈ। ਮ੍ਰਿਤਕਾ ਦੀ ਪਛਾਣ ਨਿਕਿਤਾ ਗੋਡਿਸ਼ਾਲਾ ਵਜੋਂ ਹੋਈ ਹੈ, ਜੋ ਕਿ ਐਲੀਕੋਟ ਸਿਟੀ ਦੀ ਰਹਿਣ ਵਾਲੀ ਸੀ। ਪੁਲਿਸ ਨੂੰ ਸ਼ੱਕ ਹੈ ਕਿ ਨਿਕਿਤਾ ਦਾ ਕਤਲ ਉਸ ਦੇ ਸਾਬਕਾ ਪ੍ਰੇਮੀ ਅਰਜੁਨ ਸ਼ਰਮਾ (26) ਨੇ ਕੀਤਾ ਹੈ, ਜੋ ਵਾਰਦਾਤ ਤੋਂ ਬਾਅਦ ਭਾਰਤ ਫਰਾਰ ਹੋ ਗਿਆ ਹੈ।ਹਾਵਰਡ ਕਾਊਂਟੀ ਪੁਲਿਸ ਅਨੁਸਾਰ, ਨਿਕਿਤਾ 2 ਜਨਵਰੀ ਤੋਂ ਲਾਪਤਾ ਸੀ। ਪੁਲਿਸ ਨੇ ਐਤਵਾਰ ਨੂੰ ਦੱਸਿਆ ਕਿ ਉਸ ਦੀ ਲਾਸ਼ ਕੋਲੰਬੀਆ ਸਥਿਤ ਉਸ ਦੇ ਸਾਬਕਾ ਪ੍ਰੇਮੀ ਅਰਜੁਨ ਸ਼ਰਮਾ ਦੇ ਅਪਾਰਟਮੈਂਟ ਵਿਚੋਂ ਬਰਾਮਦ ਹੋਈ ਹੈ। ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਸਰੀਰ 'ਤੇ ਚਾਕੂ ਦੇ ਜ਼ਖ਼ਮ ਸਨ ਅਤੇ ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਨਿਕਿਤਾ ਦਾ ਕਤਲ 31 ਦਸੰਬਰ ਦੀ ਸ਼ਾਮ ਨੂੰ ਕਰੀਬ 7 ਵਜੇ ਕੀਤਾ ਗਿਆ ਸੀ।

ਹੈਰਾਨੀ ਦੀ ਗੱਲ ਇਹ ਹੈ ਕਿ ਮੁਲਜ਼ਮ ਅਰਜੁਨ ਸ਼ਰਮਾ ਨੇ ਖੁਦ ਹੀ ਪੁਲਿਸ ਕੋਲ ਨਿਕਿਤਾ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਈ ਸੀ। ਉਸ ਨੇ ਪੁਲਿਸ ਨੂੰ ਦੱਸਿਆ ਸੀ ਕਿ ਉਸ ਨੇ ਨਿਕਿਤਾ ਨੂੰ ਆਖਰੀ ਵਾਰ 31 ਦਸੰਬਰ ਨੂੰ ਆਪਣੇ ਅਪਾਰਟਮੈਂਟ ਵਿਚ ਦੇਖਿਆ ਸੀ। 2 ਜਨਵਰੀ ਨੂੰ ਰਿਪੋਰਟ ਦਰਜ ਕਰਵਾਉਣ ਦੇ ਤੁਰੰਤ ਬਾਅਦ ਉਹ ਭਾਰਤ ਲਈ ਰਵਾਨਾ ਹੋ ਗਿਆ। ਅਗਲੇ ਦਿਨ ਜਦੋਂ ਪੁਲਿਸ ਨੇ ਉਸ ਦੇ ਘਰ ਦੀ ਤਲਾਸ਼ੀ ਲਈ, ਤਾਂ ਉੱਥੋਂ ਨਿਕਿਤਾ ਦੀ ਲਾਸ਼ ਮਿਲੀ।


ਗੁਰੂ ਨਾਨਕ ਗੁਰਸਿੱਖ ਗੁਰਦੁਆਰਾ

ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)

176 E Pole Road / 6934 Meridian St    Lynden, WA. 98264 (Bellingham)



11 ਜਨਵਰੀ ਦਿਨ ਐਤਵਾਰ ਸ. ਮਨਜੀਤ ਸਿੰਘ ਸੰਧੂ ਪਰਿਵਾਰ ਵੱਲੋਂ ਸਵੇਰੇ ਸਹਿਜਪਾਠ ਦੇ ਭੋਗ ਪਾਏ ਜਾਣਗੇ ਅਤੇ ਲੰਗਰਾਂ ਦੀ ਸੇਵਾ ਹੋਵੇਗੀ

13 ਜਨਵਰੀ ਦਿਨ ਮੰਗਲਵਾਰ ਮਾਘ ਮਹੀਨੇ ਦੀ ਸੰਗਰਾਂਦ ਦੇ ਸਬੰਧ ਵਿਚ ਸ਼ਾਮ ਦੇ ਦੀਵਾਨ ਸਜਣਗੇ

ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184

ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਗੁਰੂ ਨਾਨਕ ਗੁਰਸਿੱਖ ਗੁਰਦੁਆਰਾ ਲਿੰਡਨ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਖ਼ੂਨ ਦਾਨ ਕੈਂਪ ਲਗਾਇਆ ਗਿਆ

ਲਿੰਡਨ:ਗੁਰੂ ਨਾਨਕ ਗੁਰਸਿੱਖ ਟੈਂਪਲ ਲਿੰਡਨ ਵਾਸ਼ਿੰਗਟਨ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਖੁਨ ਦਾਨ ਕੈਂਪ ਲਗਾਇਆ ਗਿਆ ਜਿਸ ਵਿਚ 30 ਤੋਂ ਵੱਧ ਖੁਨ ਦਾਨੀਆਂ ਨੇ ਹਿੱਸਾ ਲਿਆ।ਖੁਨਦਾਨ ਬੈਂਕ ਸਿਰਫ 20 ਦਾਨੀਆਂ ਦਾ ਹੀ ਖੁਨ ਲੈ ਸਕੇ ਅਤੇ ਉਹਨਾਂ ਵਾਅਦਾ ਕੀਤਾ ਕਿ ਛੇਤੀ ਇਕ ਹੋਰ ਕੈਂਪ ਲਾਉਣਗੇ।



# ਭਾਰਤ ਵਿੱਚ ਮੁਸਲਮਾਨਾਂ ਅਤੇ ਹੋਰ ਘੱਟ ਗਿਣਤੀਆਂ ਵਿਰੁੱਧ ਵਿਤਕਰੇ ਵਾਲੀਆਂ ਨੀਤੀਆਂ 'ਤੇ ਬਹਿਸ ਫਿਰ ਤੇਜ਼



ਨਵੀਂ ਦਿੱਲੀ: ਭਾਰਤ ਵਿੱਚ ਮੁਸਲਮਾਨਾਂ ਅਤੇ ਹੋਰ ਘੱਟ ਗਿਣਤੀਆਂ ਵਿਰੁੱਧ ਯੋਜਨਾਬੱਧ ਜ਼ੁਲਮ ਅਤੇ ਵਿਤਕਰੇ ਵਾਲੀਆਂ ਨੀਤੀਆਂ 'ਤੇ ਬਹਿਸ ਇੱਕ ਵਾਰ ਫਿਰ ਤੇਜ਼ ਹੋ ਗਈ ਹੈ।, ਪ੍ਰਸਿੱਧ ਭਾਰਤੀ ਅਦਾਕਾਰ ਅਤੇ ਨਿਰਦੇਸ਼ਕ ਪ੍ਰਕਾਸ਼ ਰਾਜ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਭਾਜਪਾ ਅਤੇ ਆਰਐਸਐਸ ਦੀ ਸਖ਼ਤ ਆਲੋਚਨਾ ਕਰਦੇ ਹੋਏ ਕਿਹਾ ਹੈ ਕਿ ਮੌਜੂਦਾ ਯੁੱਗ ਵਿੱਚ, ਰਾਜ ਸੰਸਥਾਵਾਂ ਹਿੰਦੂਤਵ ਏਜੰਡੇ ਦੇ ਅਧੀਨ ਹੋ ਗਈਆਂ ਹਨ।ਪ੍ਰਕਾਸ਼ ਰਾਜ ਦੇ ਅਨੁਸਾਰ, ਭਾਰਤ ਵਿੱਚ ਇੱਕ ਯੋਜਨਾਬੱਧ ਏਜੰਡੇ ਦੇ ਤਹਿਤ ਮੁਸਲਮਾਨਾਂ, ਆਦਿਵਾਸੀਆਂ ਅਤੇ ਹੋਰ ਘੱਟ ਗਿਣਤੀਆਂ ਵਿਰੁੱਧ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ, ਜੋ ਸਮਾਜ ਨੂੰ ਗੰਭੀਰ ਵੰਡ ਵੱਲ ਲੈ ਜਾ ਰਹੀਆਂ ਹਨ।ਦੇਸ਼ ਵਿੱਚ ਨਿਆਂ ਵਿੱਚ ਦੇਰੀ ਨਹੀਂ ਹੋ ਰਹੀ ਹੈ, ਸਗੋਂ ਇਨਕਾਰ ਕੀਤਾ ਜਾ ਰਿਹਾ ਹੈ ਅਤੇ ਆਮ ਨਾਗਰਿਕ ਪੁਲਿਸ ਅਤੇ ਰਾਜ ਸੰਸਥਾਵਾਂ ਤੋਂ ਡਰਦੇ ਹਨ।ਅਦਾਕਾਰ ਨੇ ਕਿਹਾ ਕਿ ਗੈਰ-ਕਾਨੂੰਨੀ ਅਤੇ ਦਮਨਕਾਰੀ ਵਿਵਹਾਰ ਨੇ ਪੁਲਿਸ ਨੂੰ ਲੋਕਾਂ ਤੋਂ ਦੂਰ ਕਰ ਦਿੱਤਾ ਹੈ, ਜਦੋਂ ਕਿ ਉਸਨੇ ਆਰਐਸਐਸ ਨੂੰ ਭਾਰਤ ਲਈ ਇੱਕ ਵੱਡਾ ਖ਼ਤਰਾ ਦੱਸਿਆ।ਪ੍ਰਕਾਸ਼ ਰਾਜ ਨੇ ਕਿਹਾ ਕਿ ਰਾਮ ਮੰਦਰ ਵਿੱਚ ਪ੍ਰਧਾਨ ਮੰਤਰੀ ਮੋਦੀ ਦੀ ਮੌਜੂਦਗੀ ਵਿੱਚ ਝੰਡਾ ਲਹਿਰਾਉਣਾ ਭਾਜਪਾ ਅਤੇ ਆਰਐਸਐਸ ਵਿਚਕਾਰ ਗੱਠਜੋੜ ਦੀ ਇੱਕ ਸਪੱਸ਼ਟ ਉਦਾਹਰਣ ਹੈ।ਰਾਜਨੀਤਿਕ ਨਿਰੀਖਕਾਂ ਅਤੇ ਮਾਹਰਾਂ ਦਾ ਕਹਿਣਾ ਹੈ ਕਿ ਭਾਜਪਾ ਅਤੇ ਆਰਐਸਐਸ 'ਤੇ ਸੰਵਿਧਾਨਕ ਤਬਦੀਲੀਆਂ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਕਮਜ਼ੋਰ ਕਰਨ ਦੇ ਦੋਸ਼ ਹਨ।ਮੋਦੀ ਦੇ ਸੱਤਾ ਵਿੱਚ ਆਉਣ ਤੋਂ ਬਾਅਦ, ਭਾਰਤੀ ਲੋਕਤੰਤਰ 'ਤੇ ਸਵਾਲ ਉਠਾਏ ਜਾ ਰਹੇ ਹਨ ਅਤੇ ਦੇਸ਼ ਵਿੱਚ ਘੱਟ ਗਿਣਤੀਆਂ ਦੇ ਅਧਿਕਾਰਾਂ ਬਾਰੇ ਚਿੰਤਾਵਾਂ ਵਧ ਰਹੀਆਂ ਹਨ।

# ਭਾਰਤ ਵਿੱਚ ਹਿਜਾਬ ਅਤੇ ਬੁਰਕਾ ਪਹਿਨਣ ਵਾਲੀਆਂ ਔਰਤਾਂ ਦੇ ਗਹਿਣਿਆਂ ਦੀਆਂ ਦੁਕਾਨਾਂ ਵਿੱਚ ਦਾਖਲ ਹੋਣ 'ਤੇ ਪਾਬੰਦੀ

ਪਟਨਾ: ਭਾਰਤ ਵਿੱਚ ਮੋਦੀ ਸਰਕਾਰ ਦੇ ਹਿੰਦੂਤਵ ਸ਼ਾਸਨ ਦੌਰਾਨ ਘੱਟ ਗਿਣਤੀਆਂ, ਖਾਸ ਕਰਕੇ ਮੁਸਲਮਾਨਾਂ ਨਾਲ ਵਿਤਕਰਾ ਜਾਰੀ ਹੈ ਅਤੇ ਹੁਣ ਬਿਹਾਰ ਰਾਜ ਵਿੱਚ, ਹਿਜਾਬ ਅਤੇ ਬੁਰਕਾ ਪਹਿਨਣ ਵਾਲੀਆਂ ਮੁਸਲਿਮ ਔਰਤਾਂ ਲਈ ਗਹਿਣਿਆਂ ਦੀਆਂ ਦੁਕਾਨਾਂ ਦੇ ਦਰਵਾਜ਼ੇ ਬੰਦ ਕਰ ਦਿੱਤੇ ਗਏ ਹਨ।, ਬਿਹਾਰ ਵਿੱਚ ਆਲ ਇੰਡੀਆ ਜਵੈਲਰਜ਼ ਐਂਡ ਗੋਲਡ ਫੈਡਰੇਸ਼ਨ ਨੇ ਹਿਜਾਬ, ਬੁਰਕਾ, ਨਕਾਬ ਅਤੇ ਮਾਸਕ ਪਹਿਨਣ ਵਾਲੀਆਂ ਔਰਤਾਂ ਦੇ ਗਹਿਣਿਆਂ ਦੀਆਂ ਦੁਕਾਨਾਂ ਵਿੱਚ ਦਾਖਲ ਹੋਣ 'ਤੇ ਪਾਬੰਦੀ ਦਾ ਐਲਾਨ ਕੀਤਾ ਹੈ।ਇਸ ਕਦਮ ਰਾਹੀਂ, ਫੈਡਰੇਸ਼ਨ ਨੇ ਸੁਰੱਖਿਆ ਚਿੰਤਾਵਾਂ ਨੂੰ ਬਹਾਨਾ ਬਣਾ ਕੇ ਆਪਣੇ ਚਿਹਰੇ ਢੱਕਣ ਵਾਲੇ ਲੋਕਾਂ ਨੂੰ ਸ਼ੱਕੀ ਬਣਾਉਣ ਦੀ ਕੋਸ਼ਿਸ਼ ਕੀਤੀ ਹੈ।ਫੈਡਰੇਸ਼ਨ ਦੀ ਬਿਹਾਰ ਸ਼ਾਖਾ ਦੇ ਪ੍ਰਧਾਨ ਅਸ਼ੋਕ ਕੁਮਾਰ ਵਰਮਾ ਨੇ ਕਿਹਾ ਕਿ ਜੇਕਰ ਉਨ੍ਹਾਂ ਦੇ ਚਿਹਰੇ ਦਿਖਾਈ ਨਹੀਂ ਦੇ ਰਹੇ ਹਨ, ਤਾਂ ਮਰਦਾਂ ਜਾਂ ਔਰਤਾਂ ਨੂੰ ਦੁਕਾਨਾਂ ਵਿੱਚ ਦਾਖਲ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।




# ਲੱਦਾਖ ਨੂੰ ਬਰਬਾਦ ਕਰਨ ਤੋਂ ਬਾਅਦ, ਭਾਰਤ ਹੁਣ ਜੰਮੂ ਨੂੰ ਕਸ਼ਮੀਰ ਤੋਂ ਵੱਖ ਕਰਨ ਦੀ ਸਾਜ਼ਿਸ਼ ਰਚ ਰਿਹਾ ਹੈ:ਉਮਰ

ਜੰਮੂ: ਭਾਰਤ ਦੇ ਗੈਰ-ਕਾਨੂੰਨੀ ਕਬਜ਼ੇ ਵਾਲੇ ਜੰਮੂ ਅਤੇ ਕਸ਼ਮੀਰ ਵਿੱਚ, ਮੁੱਖ ਮੰਤਰੀ ਉਮਰ ਅਬਦੁੱਲਾ ਨੇ ਕਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਭਾਰਤੀ ਸਰਕਾਰ ਨੇ 2019 ਵਿੱਚ ਜੰਮੂ ਅਤੇ ਕਸ਼ਮੀਰ ਤੋਂ ਵੱਖ ਕਰਨ ਤੋਂ ਬਾਅਦ ਲੱਦਾਖ ਨੂੰ "ਬਰਬਾਦ" ਕਰ ਦਿੱਤਾ ਅਤੇ ਚੇਤਾਵਨੀ ਦਿੱਤੀ ਕਿ ਨਵੀਂ ਦਿੱਲੀ ਹੁਣ ਜੰਮੂ ਨੂੰ ਕਸ਼ਮੀਰ ਤੋਂ ਵੱਖ ਕਰਨ ਦੀ ਕੋਸ਼ਿਸ਼ ਕਰਕੇ ਅਜਿਹਾ ਹੀ ਕਰਨ ਦਾ ਇਰਾਦਾ ਰੱਖਦੀ ਹੈ।ਜੰਮੂ ਵਿੱਚ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਉਮਰ ਅਬਦੁੱਲਾ ਨੇ ਕਿਹਾ ਕਿ ਲੱਦਾਖ ਨੂੰ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਬਦਲ ਦਿੱਤਾ ਗਿਆ ਸੀ " ਨਵੀਂ ਦਿੱਲੀ ਦੁਆਰਾ ਗਲਤ ਢੰਗ ਨਾਲ ਸੰਭਾਲਿਆ ਅਤੇ ਬਰਬਾਦ ਕੀਤਾ ਗਿਆ," ਅਤੇ ਕਿਹਾ ਕਿ ਵੱਖਰੇ ਰਾਜ ਦੀ ਮੰਗ ਦੀ ਆੜ ਵਿੱਚ ਹੁਣ ਜੰਮੂ ਵਿੱਚ ਵੀ ਇਸੇ ਤਰ੍ਹਾਂ ਦੇ ਵੰਡਣ ਵਾਲੇ ਪ੍ਰਯੋਗਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਹ ਭਾਜਪਾ ਨੇਤਾ ਅਤੇ ਜੰਮੂ ਉੱਤਰੀ ਦੇ ਵਿਧਾਇਕ ਸ਼ਾਮ ਲਾਲ ਸ਼ਰਮਾ ਦੁਆਰਾ ਜੰਮੂ ਲਈ ਵੱਖਰੇ ਰਾਜ ਦੀ ਮੰਗ ਕਰਨ ਵਾਲੀਆਂ ਟਿੱਪਣੀਆਂ 'ਤੇ ਪ੍ਰਤੀਕਿਰਿਆ ਦੇ ਰਹੇ ਸਨ - ਜਿਸਨੂੰ ਬਾਅਦ ਵਿੱਚ ਭਾਜਪਾ ਨੇ ਆਪਣਾ "ਵਿਅਕਤੀਗਤ ਵਿਚਾਰ" ਕਿਹਾ।ਉਮਰ ਅਬਦੁੱਲਾ ਨੇ ਪੁੱਛਿਆ ਕਿ ਭਾਜਪਾ ਨੂੰ ਅਚਾਨਕ ਜੰਮੂ ਦੇ ਰਾਜ ਦਾ ਦਰਜਾ ਕਿਉਂ ਯਾਦ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਅਗਸਤ 2019 ਵਿੱਚ ਜੰਮੂ-ਕਸ਼ਮੀਰ ਦਾ ਗੈਰ-ਕਾਨੂੰਨੀ ਢੰਗ ਨਾਲ ਪੁਨਰਗਠਨ ਕੀਤਾ ਗਿਆ ਸੀ, ਤਾਂ ਨਵੀਂ ਦਿੱਲੀ ਵਿੱਚ ਭਾਜਪਾ ਸੱਤਾ ਵਿੱਚ ਸੀ, ਫਿਰ ਵੀ ਉਨ੍ਹਾਂ ਨੇ ਉਸ ਸਮੇਂ ਇਸ ਮਾਮਲੇ ਨੂੰ ਨਹੀਂ ਉਠਾਇਆ। "ਹੁਣ ਇਹ ਅਚਾਨਕ ਚਿੰਤਾ ਕਿਉਂ? ਉਨ੍ਹਾਂ ਦੀ ਰਾਜਨੀਤੀ ਕਿਤੇ ਅਸਫਲ ਹੋ ਗਈ ਹੈ, ਅਤੇ ਉਹ ਇਸਨੂੰ ਲੁਕਾਉਣ ਦੀ ਕੋਸ਼ਿਸ਼ ਕਰ ਰਹੇ ਹਨ," ਉਨ੍ਹਾਂ ਕਿਹਾ।

Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ
ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



Gerald F. Robison
Senior Attorney

MULTANI LAW GROUP

Jashan Multani
206-243-4219



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum U-Visa, Vawa,
- SIJ Guardianship Cases
- Car Accidents/Personal Injury
- Evictions

**ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ**

-ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ, ਯੂ-ਵੀਜਾ, ਵਾਅਵਾ,
-SIJ ਗਾਰਡੀਅਨਸ਼ਿਪ ਕੇਸ
-ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
-ਕਿਰਾਏਦਾਰ ਕੱਢਣਾ

Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031

ਸਿਆਟਲ ਨਿਵਾਸੀਆਂ ਦਾ ਜਾਨਿਆਂ ਪਹਿਚਾਨਿਆਂ ਤੇ ਭਰੋਸੇਮੰਦ

# USA TRAVEL

## FLY from Seattle to India

**We Represent All Major Airlines**

TURKISH AIRLINES

QATAR AIRWAYS القطرية

DELTA

Emirates

Lufthansa



**Lowest Fare Guaranteed**

**We will beat any fare given in Kent/Seattle Area by Any Travel Agency**

**24 Hr Emergency**
**Call Amit Juneja: 206-992-2724**



*Now 2 Locations To Serve You*

23609 104th Ave SE #101, Kent WA 98031
Ph: 253-867-0450 | 253-867-0451

1729 208th St Suite #202, Bothell WA 98012
Ph: 425-420-1888 | 425-420-1889

Email: info@usatravelguru.com
Website: www.usatravelguru.com

## *India Special FARES*

**USA Travel Services is your one-stop shop for all of your travel needs.**

- Power of Attorney,
- Affidavits, Passports,
- Renunciations
- OCI • Notary Public •
- Translation - Hindi / Punjabi
- Uk & India Online Visa Available

- ਮੁਖਤਿਆਰਨਾਮਾ,
- ਐਫੀਡੈਵਿਟ, ਪਾਸਪੋਰਟ,
- ਓ.ਸੀ.ਆਈ.
- ਨੋਟਰੀ ਪਬਲਿਕ
- ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
- ਇੰਡੀਆ ਦਾ ਵੀਜ਼ਾ ਅਤੇ ਪਾਸਪੋਰਟ ਬਣਵਾਉ



OPEN 6 DAYS A WEEK,
TUESDAY CLOSED

OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm

The Only True Punjabi (Indian) Vegetarian In Renton

← New Pabla Ready To Eat Frozen Cuisine Available →
Renton Location has Full Grocery Store & Sweet Shop
East Indian Spices, Dairy Products,
ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ



ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੋਸਰੀ, ਮਿਠਾਈ, ਇੰਡੀਅਨ ਮਸਾਲੇ ਡੇਅਰੀ ਲੈ ਸਕਦੇ ਹੋ।

# Pabla Indian Cuisine

Phone: 425-228-4625
Fax: 425-228-4629
Serving Washington for 27 years.
www.pablacuisine.com
pablacuisine@gmail.com

# Space Available for your Ad

ਪੰਜਾਬ ਗਾਰਡੀਅਨ ਨਾਲ
ਐਡ ਪਾਉ ਅਤੇ ਆਪਣਾ
ਬਿਜ਼ਨਸ ਵਧਾਓ



ਪੰਜਾਬ ਗਾਰਡੀਅਨ
PUNJAB GUARDIAN
www.punjabguardian.com

Call to Advertise 604-590-5200

# PABLA PUNJABI PALACE

2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties •Birthday Parties •Mehndi Parties • Business Meetings •Any Kind Of Functions
Specials: Take out 7 Days a week
DJ, Dance Floor, Catering for
All Occasions, Big TV Screens & Family Atmosphere
Seating for 1200 people



ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੌਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ
For booking your event Please call Jas pabla At
Ph: 206-769-5559
Email: pablajas@yahoo.com

# PIZZA STATION

15300 33rd Ave S. Suite130, Seatac WA

10% Off All Orders

ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।



PH:206-644-4133
Sun to Thurs: 10 am-10 pm
Fri/Sat: 10 am to 11pm
Email:info@pizzastationwa.com

# Boulevard Market



ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।

Opening Hours: 9 am to 9 pm (7Days Week)
PH:206-644-4010

# TEAM ARMY

## REAL ESTATE

Specialties:Buyers's Agent
Listing Agent-Short Sale
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।

Maj Parminder (Pari) Mann
Ex Indian Army
SKYLINE PROPERTIES, INC
Cell:425-499-9704
email:parimann@gmail.com



## MORTGAGE

Specialties:Loan Specialist
Many Financing Options Available
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ



Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

AUBURN'S MAIN SUPERMARKET
INDIAN GROCERIES-LIQUOR-WINE
1119E Main St. Auburn, WA 98002
Store hours: Mon-Sat: 8:00 AM - 10:00 PM Sun: 8:00 AM - 9:00 PM
Lowest Prices in Town WIDE VARIETY OF FROZEN FOOD
When you spend $50 or more,get 5% discount
When you spend $100 or more,get 10% discount Discount only apply to Indian Grocery
Fresh Sugarcane Juice
Natural Energy Drink Refresh Your Power
PANI PURI
Fresh Smoothies
FREE PANI-PURI FRI-SUN (12PM 5PM) ONLY 4 Pani Puri/CUSTOMER
ALL KINDS OF HOUSEHOLD UTENSILS (BARTAN) AVAILABLE
BLANKETS ARE ALSO AVAILABILE IN KING, QUEEN, TWIN SIZES
Fresh SugarCane Juice Everyday
Ph:253-249-7430, Cell:253-205-9981
www.auburnsmainsupermarket.com *All prices are marked down

Space Available for your Ad
ਪੰਜਾਬ ਗਾਰਡੀਅਨ ਨਾਲ
ਐਡ ਪਾਉ ਅਤੇ ਆਪਣਾ
ਬਿਜ਼ਨਸ ਵਧਾਓ
ਪੰਜਾਬ ਗਾਰਡੀਅਨ
PUNJAB GUARDIAN
www.punjabguardian.com
Call to Advertise 604-590-5200

WEST CAPITAL LENDING
YOUR PREFFERRED LOCAL LENDER
• ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
• ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
• ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜਨਸਾਂ ਲਈ ਵੀ ਅਸੀਂ ਮੋਰਗੇਜ ਦਾ ਪ੍ਰਬੰਧ ਕਰਦੇ ਹਾਂ
-CONVENTIONAL -FHA -VA Loans -30YR/15YR/10YR FIXED -DSCR
-P&L -30 DAY SOFR ARM -1099 PROGRAM -7/6 SOFR ARMS
-LOT/CUSTOM CONSTRUCTION LOAN AVAILABLE
-24/12 BANK STATEMENT LOANS
ਮੋਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ
ਘੱਟ ਰੇਟਾਂ ਦੀ ਗਰੰਟੀ
KESSHAV SHARMA BRANCH MANAGER
WEST CAPITAL LENDING
Call/text (425) 239-4517
ksharma@westcapitallending.com
westcapitallending.com
NMLS# 2468293 I NMLS# 1566096 I DRE# 02022356
24 Executive Park, Ste 250 Irvine, CA 92614

Ready to grow your business?
Count on us for solutions.
Gifty Singh
Bellevue
400 112th Ave NE
206-909-5226
BANNER BANK
bannerbank.com Member FDIC

JAG'S PIZZA
ਇੰਡੀਅਨ ਸਟਾਈਲ ਪੀਜ਼ਾ ਮੈਰਿਸਵੈੱਲ ਵਿਚ
ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ, ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ, ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜ਼ੇ ਬਣਾਏ ਜਾਂਦੇ ਹਨ
PH:360-386-9508
5830 B, Grove St, Marysville, WA
(Inside Shell Gas Station Plaza)
www.jagspizza.com
OPEN 7 DAYS A WEEK SUNDAY TO THURSDAY:11AM TO 10PM
FRIDAY & SATURDAY:11AM TO 11.30PM

HG TAX AND ACCOUNTING
25228 104th AVE SE Suite 103 Kent, WA 98030
IT'S TIME TO SAVE ON YOUR TAXES
OPEN M-F: 10 AM to 6 PM
SAT: 11 AM to 4 PM
SUN: By Appointment
Harpreet Singh, J.D. (253) 202-4516

LANCER TRUCKING LLC
21307-116TH AVE SE, KENT, WA 98031-2206
Running all across United States
Privately owned transportation company that specialized in truckload, less than truckload (LTL) and expedited service with the most competitive rates, quality service. Let us handle your load.
Ph:206-849-1313

ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੌਸਰੀ ਸਟੋਰ
ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ
GROCERY SINGH
SAT SRI AKAL
LIQUOR - WINE BEER AVAILABLE
ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ
We Accept EBT Benefits SNAP
Now HIRING
ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ
1825 BROADWAY, EVERETT WA 98201
425-374-7550 / 206-786-0870